SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 77 | Thursday, April 25, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਬਜਟ ਬਾਰੇ ਨਕਾਰਾਤਮਕ ਰਾਇ ਰੱਖਦੇ ਹਨ ਅੱਧੇ ਤੋਂ ਵੱਧ ਕੈਨੇਡੀਅਨਜ਼ : ਰਿਪੋਰਟ



ਓਟਵਾ, 24 ਅਪਰੈਲ (ਪੋਸਟ ਬਿਊਰੋ) : ਇੱਕ ਨਵੇਂ ਸਰਵੇਖਣ ਤੋਂ ਸਾਹਮਣੇ ਆਇਆ ਹੈ ਕਿ ਲਿਬਰਲਾਂ ਵੱਲੋਂ ਪੇਸ਼ ਕੀਤੇ ਗਏ ਇਸ ਵਾਰੀ ਦੇ ਬਜਟ ਨਾਲ ਬਹੁਤੇ ਕੈਨੇਡੀਅਨਜ਼ ਖੁਸ਼ ਨਹੀਂ ਹਨ। ਪਰ ਇਸ ਬਜਟ ਵਿੱਚ ਕਈ ਮਿਲੀਅਨ ਘਰ ਤਿਆਰ ਕਰਨ ਦੀ ਸਰਕਾਰ ਵੱਲੋਂ ਜਿਹੜੀ ਗੱਲ ਕੀਤੀ ਗਈ ਹੈ ਉਸ ਲਈ ਵੋਟਰਾਂ ਵੱਲੋਂ ਸਰਕਾਰ ਦਾ ਸਮਰਥਨ ਕੀਤਾ ਜਾ ਰਿਹਾ ਹੈ।

ਲੈਜਰਜ਼ ਵੱਲੋਂ ਕਰਵਾਏ ਗਏ ਤਾਜ਼ਾ ਸਰਵੇਖਣ ਵਿੱਚ ਹਿੱਸਾ ਲੈਣ ਵਾਲੇ ਕੈਨੇਡੀਅਨਜ਼ ਵਿੱਚੋਂ ਬਹੁਤਿਆਂ ਨੇ ਆਖਿਆ ਕਿ ਫੈਡਰਲ ਬਜਟ ਪ੍ਰਤੀ ਉਨ੍ਹਾਂ ਦੀ ਰਾਇ ਨਕਾਰਾਤਮਕ ਹੈ। ਇਹ ਬਜਟ ਪਿਛਲੇ ਮੰਗਲਵਾਰ ਪੇਸ਼ ਕੀਤਾ ਗਿਆ ਸੀ। ਸਿਰਫ 21 ਫੀ ਸਦੀ ਕੈਨੇਡੀਅਨਜ਼ ਨੇ ਆਖਿਆ ਕਿ ਉਨ੍ਹਾਂ ਦੀ ਰਾਇ ਬਜਟ ਪ੍ਰਤੀ ਸਕਾਰ-ਾਤਮਕ ਹੈ ਜਦਕਿ ਇੱਕ ਤਿਹਾਈ ਨੇ ਆਪਣੀ ਕੋਈ ਰਾਇ ਨਹੀਂ ਪ੍ਰਗਟਾਈ। ਸਰਵੇਖਣ ਵਿੱਚ ਹਿੱਸਾ ਲੈਣ ਵਾਲੇ 65 ਫੀ ਸਦੀ ਨੇ ਆਖਿਆ ਕਿ ਹਾਊਸਿੰਗ ਉੱਤੇ 8.5 ਬਿਲੀਅਨ ਡਾਲਰ ਖਰਚਣ ਦੀ ਯੋਜਨਾ ਤੇ 2031 ਤੱਕ 3.9 ਮਿਲੀਅਨ ਘਰ ਤਿਆਰ ਕਰਨ ਦੀ ਯੋਜਨਾ ਦੇਸ਼ ਲਈ ਚੰਗੀ ਹੈ।

ਪਿਛਲੇ ਵੀਕੈਂਡ ਉੱਤੇ ਲੈਜਰ ਨੇ 1522 ਕੈਨੇਡੀਅਨਜ਼ ਉੱਤੇ ਸਰਵੇਖਣ ਕੀਤਾ ਸੀ। ਬਹੁਤਾ ਕਰਕੇ ਅਲਬਰਟਾ ਦੇ ਲੋਕਾਂ ਨੇ ਬਜਟ ਦਾ ਨਕਾਰਾਤਮਕ ਅਸਰ ਪੈਣ ਦੀ ਗੱਲ ਆਖੀ। ਸਮੁੱਚੇ ਦੇਸ਼ ਦੇ 25 ਫੀ ਸਦੀ ਦੇ ਮੁਕਾਬਲੇ ਅਲਬਰਟਾ ਵਾਸੀਆਂ ਵਿੱਚੋਂ 42 ਫੀ ਸਦੀ ਨੇ ਦੱਸਿਆ ਕਿ ਬਜਟ ਦਾ ਕਮਿਊਨਿਟੀਜ਼ ਉੱਤੇ ਨਕਾਰਾਤਮਕ ਅਸਰ ਪਵੇਗਾ। ਇਸ ਸਰਵੇਖਣ ਵਿੱਚ ਹਿੱਸਾ ਲੈਣ ਵਾਲੇ ਅੱਧੇ ਤੋਂ ਵੱਧ ਲੋਕਾਂ ਨੇ ਆਖਿਆ ਕਿ ਉਹ ਸਰਕਾਰ ਵੱਲੋਂ ਐਨਰਜੀ ਸਮਰੱਥਾ, ਨੈਸ਼ਨਲ ਡਿਫੈਂਸ ਤੇ ਹੈਲਥ ਕੇਅਰ ਤੇ ਐਜੂਕੇਸ਼ਨ ਵਰਕਰਜ਼ ਲਈ ਵਿਦਿਆਰਥੀ ਲੋਨ ਨੂੰ ਮੁਆਫ ਕਰਨ ਵਰਗੇ ਸਰਕਾਰ ਦੇ ਫੈਸਲਿਆਂ ਦੇ ਪੱਖ ਵਿੱਚ ਹਨ।

## ਵੈਕਸੀਨ ਇੰਜਰੀ ਕੰਪਨਸੇਸ਼ਨ ਫੰਡ ਲਈ ਫੈਡਰਲ ਸਰਕਾਰ ਨੇ ਰਾਖਵੇਂ ਰੱਖੇ 36 ਮਿਲੀਅਨ ਡਾਲਰ




ਓਟਵਾ, 24 ਅਪਰੈਲ (ਪੋਸਟ ਬਿਊਰੋ) : 2020 ਦੇ ਅੰਤ ਤੋਂ ਲੈ ਕੇ ਹੁਣ ਤੱਕ ਵੈਕਸੀਨਜ਼ ਕਾਰਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਜਾਂ ਮਾਰੇ ਗਏ ਲੋਕਾਂ ਦੀ ਮਦਦ ਲਈ ਫੈਡਰਲ ਸਰਕਾਰ ਵੱਲੋਂ 36.4 ਮਿਲੀਅਨ ਡਾਲਰ ਹੋਰ ਦੇਣ ਦਾ ਫੈਸਲਾ ਕੀਤਾ ਗਿਆ ਹੈ।

ਇਹ ਪ੍ਰੋਗਰਾਮ ਉਸ ਸਮੇਂ ਐਲਾਨਿਆ ਗਿਆ ਸੀ ਜਦੋਂ ਕੋਵਿਡ-19 ਦੇ ਸ਼ੌਟਸ ਪਹਿਲੀ ਵਾਰੀ ਜਨਤਾ ਨੂੰ ਦੇਣੇ ਸ਼ੁਰੂ ਕੀਤੇ ਗਏ ਸਨ। ਹੈਲਥ ਕੈਨੇਡਾ ਵੱਲੋਂ ਮਨਜ਼ੂਰੀ ਪ੍ਰਾਪਤ ਵੈਕਸੀਨਜ਼ ਕਾਰਨ ਮਾੜੇ ਢੰਗ ਨਾਲ ਪ੍ਰਭਾਵਿਤ ਹੋਏ ਲੋਕਾਂ ਨੂੰ ਸਰਕਾਰ ਵੱਲੋਂ ਮੁਆਵਜ਼ਾ ਦੇਣ ਦਾ ਫੈਸਲਾ ਕੀਤਾ ਗਿਆ ਸੀ। ਪ੍ਰੋਗਰਾਮ ਦੇ ਪਹਿਲੇ ਪੰਜ ਸਾਲਾਂ ਲਈ ਲਿਬਰਲਾਂ ਨੇ 75 ਮਿਲੀਅਨ ਡਾਲਰ ਰਾਖਵੇਂ ਰੱਖੇ।

ਹੁਣ ਤੱਕ ਪ੍ਰਾਈਵੇਟ ਫਰਮ, ਜਿਸ ਨੂੰ ਓਕਸਾਰੋ ਆਖਿਆ ਜਾਂਦਾ ਹੈ, ਇਸ ਪ੍ਰੋਗਰਾਮ ਨੂੰ ਚਲਾਉਣ ਲਈ 56.2 ਮਿਲੀਅਨ ਡਾਲਰ ਸਰਕਾਰ ਕੋਲੋਂ ਹਾਸਲ ਕਰ ਚੁੱਕੀ ਹੈ। ਇਸ ਦੇ ਨਾਲ ਹੀ ਇਸ ਫਰਮ ਵੱਲੋਂ ਕਿਊਬਿਕ ਤੋਂ ਬਾਹਰ ਜਾਇਜ਼ ਦਾਅਵਾ ਕਰਨ ਵਾਲਿਆਂ ਨੂੰ ਵੀ ਪੈਸੇ ਦਿੱਤੇ ਜਾਂਦੇ ਰਹੇ ਹਨ। ਦਸੰਬਰ ਤੱਕ ਇਸ ਫਰਮ ਵੱਲੋਂ ਮੁਆਵਜ਼ੇ ਵਜੋਂ 11.2 ਮਿਲੀਅਨ ਡਾਲਰ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਜ਼ਿਕਰਯੋਗ ਹੈ ਕਿ ਕਿਊਬਿਕ ਦਾ ਆਪਣਾ ਵੈਕਸੀਨ ਇੰਜਰੀ ਕੰਪਨਸੇਸ਼ਨ ਪ੍ਰੋਗਰਾਮ ਹੈ ਜਿਹੜਾ 1985 ਤੋਂ ਚੱਲ ਰਿਹਾ ਹੈ ਤੇ ਜਦੋਂ ਫੈਡਰਲ ਪ੍ਰੋਗਰਾਮ ਲਾਂਚ ਕੀਤਾ ਗਿਆ ਸੀ ਤਾਂ ਕਿਊਬਿਕ ਨੂੰ 7.75 ਮਿਲੀਅਨ ਡਾਲਰ ਹਾਸਲ ਹੋਏ ਸਨ।

ਅਗਲੇ ਦੋ ਸਾਲਾਂ ਲਈ ਇਸ ਪ੍ਰੋਗਰਾਮ ਨੂੰ ਚਲਾਉਣ ਵਾਸਤੇ ਲਿਬਰਲ ਸਰਕਾਰ ਨੇ ਓਕਸਾਰੋ ਲਈ 36 ਮਿਲੀਅਨ ਡਾਲਰ ਹੋਰ ਰਾਖਵੇਂ ਰੱਖੇ ਹਨ। ਅਜਿਹਾ ਪਿਛਲੇ ਹਫਤੇ ਪੇਸ਼ ਕੀਤੇ ਗਏ ਬਜਟ ਦੌਰਾਨ ਕੀਤਾ ਗਿਆ।

## ਨਾਸਾ ਦੇ ਵਾਇਜਰ-1 ਨੇ 24 ਅਰਬ ਕਿਲੋਮੀਟਰ ਤੋਂ ਸਿਗਨਲ ਭੇਜਿਆ



ਵਾਸ਼ਿੰਗਟਨ, 24 ਅਪ੍ਰੈਲ (ਪੋਸਟ ਬਿਊਰੋ): ਅਮਰੀਕੀ ਪੁਲਾੜ ਏਜੰਸੀ ਨਾਸਾ ਦੇ ਪੁਲਾੜ ਯਾਨ ਵੋਏਜਰ-1 ਨੇ 24 ਅਰਬ ਕਿਲੋਮੀਟਰ ਦੀ ਦੂਰੀ ਤੋਂ ਸਿਗਨਲ ਭੇਜਿਆ ਹੈ। ਪਿਛਲੇ 5 ਮਹੀਨਿਆਂ 'ਚ ਇਹ ਪਹਿਲੀ ਵਾਰ ਹੈ ਜਦੋਂ ਵਾਇਜਰ ਨੇ ਕੋਈ ਸੰਦੇਸ਼ ਭੇਜਿਆ ਹੈ ਅਤੇ ਨਾਸਾ ਦੇ ਇੰਜੀਨੀਅਰ ਇਸ ਨੂੰ ਪੜ੍ਹਨ 'ਚ ਸਫਲ ਰਹੇ ਹਨ। ਵਾਇਜਰ-1 ਨੂੰ ਸਾਲ 1977 ਵਿੱਚ ਪੁਲਾੜ ਵਿੱਚ ਭੇਜਿਆ ਗਿਆ ਸੀ। ਇਹ ਮਨੁੱਖ ਦੁਆਰਾ ਬਣਾਇਆ ਗਿਆ ਪੁਲਾੜ ਯਾਨ ਹੈ ਜੋ ਪੁਲਾੜ ਵਿੱਚ ਸਭ ਤੋਂ ਦੂਰੀ 'ਤੇ ਮੌਜੂਦ ਹੈ।

## ਅਮਰੀਕਾ ਦੇ ਨੈਸ਼ਨਲ ਏਅਰਪੋਰਟ 'ਤੇ ਦੋ ਜਹਾਜ਼ਾਂ ਵਿਚਾਲੇ ਹਾਦਸਾ ਮਸਾਂ ਟਲਿਆ

### ਗਲਤੀ ਕਾਰਨ ਇਕੋ ਪੱਟੜੀ 'ਤੇ 2 ਜਹਾਜ਼ਾਂ ਨੂੰ ਉਡਾਣ ਭਰਨ ਲਈ ਦਿੱਤੀ ਹਰੀ ਝੰਡੀ



ਸੈਕਰਾਮੈਂਟੋ, ਕੈਲੀਫੋਰਨੀਆ, 24 ਅਪ੍ਰੈਲ (ਹੁਸਨ ਲੜੋਆ ਬੰਗਾ) ਅਮਰੀਕਾ ਦੇ ਰੋਨਾਲਡ ਰੀਗਨ ਨੈਸ਼ਨਲ ਏਅਰੋਪਰਟ 'ਤੇ ਇਕੋ ਪੱਟੜੀ ਉਪਰ 2 ਜਹਾਜ਼ਾਂ ਨੂੰ ਉਡਾਣ ਭਰਨ ਲਈ ਹਰੀ ਝੰਡੀ ਮਿਲਣ ਉਪਰੰਤ ਤੁਰੰਤ ਗਲਤੀ ਦਾ ਅਹਿਸਾਸ ਹੋਣ 'ਤੇ ਜਹਾਜ਼ਾਂ ਨੂੰ ਇਕ ਦੂਸਰੇ ਤੋਂ ਕੁਝ ਫੁੱਟ ਦੀ ਦੂਰੀ ਉਪਰ ਰੋਕ ਲਿਆ ਗਿਆ। ਇਸ ਘਟਨਾ ਦੀ ਫੈਡਰਲ ਐਵੀਏਸ਼ਨ ਐਡਮਨਿਸਟ੍ਰੇਸ਼ਨ ਜਾਂਚ ਕਰੇਗਾ। ਸਵੇਰ 7.40 ਵਜੇ ਏਅਰਪੋਰਟ ਦੇ ਕੰਟਰੋਲਰ ਨੇ ਜੈੱਟ ਬਲਿਊ ਏਅਰਵੇਅਜ ਫਲਾਈਟ ਨੂੰ ਉਡਾਣ ਭਰਨ ਦੀ ਇਜਾਜਤ ਦਿੱਤੀ। ਇਸੇ ਸਮੇ 'ਤੇ ਹੀ ਟੈਕਸਿੰਗ ਏਅਰਕਰਾਫਟ ਦੇ ਕੰਟਰੋਲਰ ਨੇ ਸਾਊਥਵੈਸਟ ਏਅਰਲਾਈਨ ਜੈਟ ਨੂੰ ਉਸੇ ਹੀ ਪੱਟੜੀ ਉਪਰ ਉਡਾਨ ਭਰਨ ਲਈ ਹਰੀ ਝੰਡੀ ਦੇ ਦਿੱਤੀ। ਤਕਰੀਬਨ 30 ਸਕਿੰਟ ਬਾਅਦ ਗਲਤੀ ਦਾ ਅਹਿਸਾਸ ਹੋਣ 'ਤੇ ਕੰਟਰੋਲਰ ਨੇ ਦੋਨਾਂ ਜਹਾਜ਼ ਨੂੰ ਤੁਰੰਤ ਰੋਕ ਦੇਣ ਦਾ ਆਦੇਸ਼ ਦਿੱਤਾ। ਦੋਨਾਂ ਜਹਾਜ਼ਾਂ ਨੂੰ ਤਕਰੀਬਨ 400 ਫੁੱਟ ਦੀ ਦੂਰੀ ਉਪਰ ਰੋਕ ਲਿਆ ਗਿਆ। ਇਸ ਉਪਰੰਤ ਏਅਰਪੋਰਟ ਦੇ ਕੰਟਰੋਲਰ ਨੇ ਸੁੱਖ ਦਾ ਸਾਹ ਲਿਆ। ਜੇਕਰ ਸਮੇ ਸਿਰ ਪਤਾ ਨਾ ਲੱਗਦਾ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ।

## ਪੱਛਮੀ ਮੀਡੀਆ ਭਾਰਤ ਦੀ ਆਲੋਚਨਾ ਕਰਕੇ ਚੋਣਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰ ਰਿਹਾ : ਜੈਸ਼ੰਕਰ



ਨਵੀਂ ਦਿੱਲੀ, 24 ਅਪ੍ਰੈਲ (ਪੋਸਟ ਬਿਊਰੋ): ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਭਾਰਤ ਦੀ ਆਲੋਚਨਾ ਕਰਨ ਲਈ ਪੱਛਮੀ ਮੀਡੀਆ ਦੀ ਨਿੰਦਾ ਕੀਤੀ ਹੈ। ਹੈਦਰਾਬਾਦ ਵਿੱਚ ਇੱਕ ਸਮਾਗਮ ਦੌਰਾਨ ਆਪਣੇ ਸੰਬੋਧਨ ਵਿੱਚ ਜੈਸ਼ੰਕਰ ਨੇ ਕਿਹਾ ਕਿ ਪੱਛਮੀ ਮੀਡੀਆ ਭਾਰਤੀ ਚੋਣਾਂ ਵਿੱਚ ਆਪਣੇ ਆਪ ਨੂੰ ਸਿਆਸੀ ਖਿਡਾਰੀ ਮੰਨਦਾ ਹੈ।

ਜੈਸ਼ੰਕਰ ਨੇ ਅੱਗੇ ਕਿਹਾ ਕਿ ਪੱਛਮੀ ਮੀਡੀਆ ਵਿੱਚ ਭਾਰਤ ਖਿਲਾਫ ਉੱਠੀਆਂ ਆਵਾਜ਼ਾਂ ਤੋਂ ਮੈਂ ਜਾਣੂ ਹਾਂ। ਜੇਕਰ ਉਹ ਲੋਕਤੰਤਰ ਦੀ ਆਲੋਚਨਾ ਕਰਦੇ ਹਨ, ਤਾਂ ਇਹ ਜਾਣਕਾਰੀ ਦੀ ਘਾਟ ਕਾਰਨ ਨਹੀਂ ਹੈ। ਉਹ ਅਜਿਹਾ ਇਸ ਲਈ ਕਰਦੇ ਹਨ ਕਿਉਂਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਇਸ ਦਾ ਭਾਰਤ ਦੀਆਂ ਚੋਣਾਂ 'ਤੇ ਅਸਰ ਪਵੇਗਾ। ਜੈਸ਼ੰਕਰ ਨੇ ਆਪਣੇ ਸੰਬੋਧਨ ਦੌਰਾਨ ਇੱਕ ਵਿਦੇਸ਼ੀ ਮੀਡੀਆ ਆਊਟਲੈਟ ਵਿੱਚ ਪ੍ਰਕਾਸ਼ਿਤ ਇੱਕ ਲੇਖ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਇਕ ਲੇਖ 'ਚ ਲਿਖਿਆ ਗਿਆ ਸੀ ਕਿ ਭਾਰਤ 'ਚ ਇਨੀ ਗਰਮੀ ਹੈ, ਇਸ ਸਮੇਂ ਉਹ ਚੋਣਾਂ ਕਿਉਂ ਕਰਵਾ ਰਹੇ ਹਨ? ਇਸ 'ਤੇ ਮੈਂ ਕਹਿਣਾ ਚਾਹੁੰਦਾ ਹਾਂ ਕਿ ਇਸ ਗਰਮੀ 'ਚ ਵੀ ਭਾਰਤ 'ਚ ਵੋਟਿੰਗ ਦੀ ਮਾਤਰਾ ਤੁਹਾਡੇ ਨਾਲੋਂ ਜ਼ਿਆਦਾ ਹੈ। ਇਹ ਤੁਹਾਡੇ ਸਭ ਤੋਂ ਵੱਡੇ ਵੋਟਿੰਗ ਰਿਕਾਰਡ ਤੋਂ ਵੀ ਜ਼ਿਆਦਾ ਹੈ।

## ਅਮਰੀਕਾ ਦੀ ਕੋਲੰਬੀਆ ਯੁਨੀਵਰਸਿਟੀ ਵਿਚ ਫਲਸਤੀਨ ਪੱਖੀ ਪ੍ਰਦਰਸ਼ਨ ਦੌਰਾਨ 100 ਤੋਂ ਵੱਧ ਗ੍ਰਿਫਤਾਰ



ਸੈਕਰਾਮੈਂਟੋ, ਕੈਲੀਫੋਰਨੀਆ, 24 ਅਪ੍ਰੈਲ (ਹੁਸਨ ਲੜੋਆ ਬੰਗਾ): ਅਮਰੀਕਾ ਦੀ ਕੋਲੰਬੀਆ ਯੁਨੀਵਰਸਿਟੀ ਵਿਚ ਫਲਸਤੀਨ ਪੱਖੀ ਪ੍ਰਦਰਸ਼ਨ ਦੌਰਾਨ ਪ੍ਰਦਰਸ਼ਨਕਾਰੀਆਂ ਦੀ ਪੁਲਿਸ ਨਾਲ ਹੱਥੋਪਾਈ ਹੋਣ ਦੀ ਖਬਰ ਹੈ । ਇਕ ਲਾਅ ਇਨਫੋਰਸਮੈਂਟ ਅਫਸਰ ਅਨੁਸਾਰ ਪੁਲਿਸ ਪ੍ਰਦਰਸ਼ਨਕਾਰੀਆਂ ਨੂੰ ਤਿਤਰ ਬਿਤਰ ਕਰਨ ਲਈ ਯੁਨੀਵਰਸਿਟੀ ਵਿਚ ਦਾਖਲ ਹੋਈ ਤੇ ਨਿਊਯਾਰਕ ਪੁਲਿਸ ਵਿਭਾਗ ਦੇ ਅਫਸਰਾਂ ਵੱਲੋਂ 100 ਤੋਂ ਵਧ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿਚ ਲੈ ਲਿਆ ਗਿਆ। ਇਹ ਪ੍ਰਦਰਸ਼ਨ ਯੁਨੀਵਰਸਿਟੀ ਦੇ ਪ੍ਰਧਾਨ ਨੇਮਤ " ਮਿਨਓਚ" ਸ਼ਫਿਕ ਦੀ ਯਹੂਦੀਆਂ ਨਾਲ ਭੇਦਭਾਵ ਬਾਰੇ ਵਾਸ਼ਿੰਗਟਨ, ਡੀ ਸੀ ਵਿਚ ਸਦਨ ਦੀ ਸਿੱਖਿਆ ਕਮੇਟੀ ਅੱਗੇ ਪੇਸ਼ੀ ਤੋਂ ਪਹਿਲਾਂ ਹੋਇਆ ਹੈ। ਪੁਲਿਸ ਅਫਸਰ ਅਨੁਸਾਰ ਕੁਝ ਪ੍ਰਦਰਸ਼ਨਕਾਰੀਆਂ ਨੂੰ ਬਿਨਾਂ ਕਿਸੇ ਵਿਰੋਧ ਦੇ ਹਿਰਾਸਤ ਵਿਚ ਲੈ ਲਿਆ ਗਿਆ। ਪ੍ਰਦਰਸ਼ਨਕਾਰੀ ਅਪਰ ਮੈਨਹਟਨ ਵਿਚ ਇਕੱਠੇ ਹੋਏ ਤੇ ਉਨਾਂ ਨੇ ਉਥੇ ਟੈਂਟ ਲਾ ਦਿੱਤੇ। ਇਸ ਉਪਰੰਤ ਇਸਰਾਈਲ ਸਮਰਥਕ ਸਮੂੰਹ ਵੀ ਉਥੇ ਪਹੁੰਚ ਗਿਆ। ਅਨੇਕਾਂ ਪ੍ਰਦਰਸ਼ਨਕਾਰੀਆਂ ਜਿਨਾਂ ਦੇ ਹੱਥਾਂ ਵਿਚ ਫਲਸਤੀਨੀ ਝੰਡੇ ਫੜੇ ਹੋਏ ਸਨ, ਦੀ ਪੁਲਿਸ ਅਫਸਰਾਂ ਨਾਲ ਬਹਿਸ ਹੋਈ ਤੇ ਕੁਝ ਪ੍ਰਦਰਸ਼ਨਕਾਰੀ ਪੁਲਿਸ ਅਫਸਰਾਂ ਨਾਲ ਭਿੜ ਗਏ। ਪੁਲਿਸ ਨੇ ਗ੍ਰਿਫਤਾਰ ਕੀਤੇ ਗਏ ਪ੍ਰਦਰਸ਼ਨਕਾਰੀਆਂ ਵਿਰੁੱਧ ਦਾਇਰ ਮਾਮਲੇ ਬਾਰੇ ਕੁਝ ਨਹੀਂ ਕਿਹਾ ਤੇ ਨਾ ਹੀ ਗ੍ਰਿਫਤਾਰੀਆਂ ਬਾਰੇ ਕੋਈ ਹੋਰ ਜਾਣਕਾਰੀ ਦਿੱਤੀ ਹੈ। ਇਸ ਘਟਨਾ ਤੋਂ ਬਾਅਦ ਯੁਨੀਵਰਸਿਟੀ ਵਿਚ ਸੁਰੱਖਿਆ ਸਖਤ ਕਰ ਦਿੱਤੀ ਗਈ ਹੈ ਤੇ ਕੈਂਪਸ ਦੇ ਗੇਟ ਬੰਦ ਕਰ ਦਿੱਤੇ ਗਏ ਹਨ। ਯੁਨੀਵਰਸਿਟੀ ਦਾ ਸ਼ਨਾਖਤੀ ਕਾਰਡ ਵਿਖਾ ਕੇ ਹੀ ਅੰਦਰ ਦਾਖਲ ਹੋਇਆ ਜਾ ਸਕਦਾ ਹੈ। ਇਸੇ ਦੌਰਾਨ ਕੋਲੰਬੀਆ ਯੁਨੀਵਰਸਿਟੀ ਦੇ ਪ੍ਰਧਾਨ ਨੇਮਤ " ਮਿਨਓਚ" ਸ਼ਫਿਕ ਨੇ ਕਿਹਾ ਹੈ ਕਿ ਉਸ ਨੇ ਪੁਲਿਸ ਨੂੰ ਇਕ ਪੱਤਰ ਲਿਖ ਕੇ ਪ੍ਰਦਰਸ਼ਨਕਾਰੀਆਂ ਨੂੰ ਉਥੋਂ ਹਟਾਉਣ ਲਈ ਕਿਹਾ ਸੀ। ਪ੍ਰਧਾਨ ਨੇ ਕਿਹਾ ਹੈ ਕਿ ਪ੍ਰਦਰਸ਼ਨਕਾਰੀ ਯੁਨੀਵਰਸਿਟੀ ਦੇ ਨਿਯਮਾਂ ਤੇ ਨੀਤੀਆਂ ਦੀ ਉਲੰਘਣਾ ਕਰ ਰਹੇ ਹਨ। ਉਨਾਂ ਕਿਹਾ ਕਿ ਮੈ ਇਹ ਅਸਧਾਰਨ ਕਦਮ ਚੁੱਕਿਆ ਹੈ ਕਿਉਂਕਿ ਅਸਧਾਰਨ ਹਾਲਾਤ ਪੈਦਾ ਹੋ ਗਏ ਸਨ।

## ਤੀਜੀ ਪੁਲਾੜ ਯਾਤਰਾ ਲਈ ਸੁਨੀਤਾ ਵਿਲੀਅਮਜ਼ ਤਿਆਰ, 6 ਮਈ ਨੂੰ ਬੋਇੰਗ ਦੇ ਕੈਪਸੂਲ ਵਿੱਚ ਪੁਲਾੜ 'ਚ ਜਾਣਗੇ




ਨਿਊਯਾਰਕ, 24 ਅਪ੍ਰੈਲ (ਪੋਸਟ ਬਿਊਰੋ): ਭਾਰਤੀ ਮੂਲ ਦੀ ਅਮਰੀਕੀ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ 6 ਮਈ ਨੂੰ ਆਪਣੀ ਤੀਜੀ ਪੁਲਾੜ ਯਾਤਰਾ 'ਤੇ ਜਾਵੇਗੀ। ਉਹ ਬੋਇੰਗ ਦੇ ਸਟਾਰਲਾਈਨਰ ਕੈਲਿਪਸੋ ਮਿਸ਼ਨ ਦਾ ਹਿੱਸਾ ਹੋਣਗੇ। ਅਮਰੀਕੀ ਪੁਲਾੜ ਏਜੰਸੀ ਨਾਸਾ ਮੁਤਾਬਕ ਮਿਸ਼ਨ ਲਈ 2 ਸੀਨੀਅਰ ਵਿਗਿਆਨੀ ਬੁਚ ਵਿਲਮੋਰ ਅਤੇ ਸੁਨੀਤਾ ਵਿਲੀਅਮਜ਼ ਨੂੰ ਚੁਣਿਆ ਗਿਆ ਹੈ।

ਵਰਤਮਾਨ ਵਿੱਚ, ਸੁਨੀਤਾ ਬੋਇੰਗ ਦੇ ਸਟਾਰਲਾਈਨਰ ਪੁਲਾੜ ਯਾਨ ਵਿੱਚ ਚਾਲਕ ਦਲ ਦੀ ਉਡਾਣ ਟੈਸਟ ਮਿਸ਼ਨ ਪਾਇਲਟ ਵਜੋਂ ਸਿਖਲਾਈ ਲੈ ਰਹੇ ਹਨ। ਬੋਇੰਗ ਦੇ ਸਟਾਰਲਾਈਨਰ ਪੁਲਾੜ ਯਾਨ ਨੂੰ 6 ਮਈ ਨੂੰ ਰਾਤ 10:34 ਵਜੇ ਅਲਾਇੰਸ ਐਟਲਸ ਵੀ ਰਾਕੇਟ 'ਤੇ ਲਾਂਚ ਕੀਤਾ ਜਾਵੇਗਾ। ਇਸ ਮਿਸ਼ਨ ਲਈ ਨਾਸਾ ਦੀ ਮਦਦ ਲਈ ਗਈ ਹੈ।

ਅਮਰੀਕਾ ਦੀ ਪੁਲਾੜ ਏਜੰਸੀ 25 ਅਪ੍ਰੈਲ ਨੂੰ ਪੁਲਾੜ ਯਾਨ ਬਾਰੇ ਪੂਰੀ ਜਾਣਕਾਰੀ ਸਾਂਝੀ ਕਰੇਗੀ। ਪੁਲਾੜ ਏਜੰਸੀ ਮੁਤਾਬਕ ਪੁਲਾੜ ਯਾਨ ਨੂੰ ਫਲੋਰੀਡਾ ਦੇ ਕੇਪ ਕੈਨਾਵੇਰਲ ਸਪੇਸ ਫੋਰਸ ਸਟੇਸ਼ਨ ਦੇ ਸਪੇਸ ਲਾਂਚ ਕੰਪਲੈਕਸ-41 ਤੋਂ ਲਾਂਚ ਕੀਤਾ ਜਾਵੇਗਾ।

ਦੋਵੇਂ ਯਾਤਰੀ ਦੋ ਹਫ਼ਤਿਆਂ ਤੱਕ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ (ਆਈਐਸਐਸ) ਵਿੱਚ ਰੁਕਣਗੇ। ਇਸ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਦਰਅਸਲ, ਇਸ ਤੋਂ ਪਹਿਲਾਂ ਇਸ ਪੁਲਾੜ ਯਾਨ ਦਾ ਜੁਲਾਈ 2022 ਵਿੱਚ ਰਵਾਨਾ ਹੋਣਾ ਸੀ, ਪਰ ਕੋਰੋਨਾ ਮਹਾਮਾਰੀ ਕਾਰਨ ਇਸ ਨੂੰ ਇੱਕ ਸਾਲ ਲਈ ਟਾਲ ਦਿੱਤਾ ਗਿਆ ਸੀ।

## ਬ੍ਰਹਮ ਗਿਆਨੀ ਸੰਤ ਬਾਬਾ ਰਣਜੀਤ ਸਿੰਘ ਜੀ ਭੋਗਪੁਰ ਵਾਲਿਆਂ ਦੀ 27ਵੀਂ ਬਰਸੀ 19 ਮਈ ਨੂੰ ਮਨਾਈ ਜਾਏਗੀ

ਬਰੈਂਪਟਨ, (ਡਾ. ਝੰਡ) -ਪ੍ਰਾਪਤ ਸੂਚਨਾ ਅਨੁਸਾਰ ਬ੍ਰਹਮ ਗਿਆਨੀ ਮਹਾਨ ਤਪੱਸਵੀ ਸ੍ਰੀਮਾਨ ਸੰਤ ਬਾਬਾ ਰਣਜੀਤ ਸਿੰਘ ਜੀ ਭੋਗਪੁਰ ਵਾਲਿਆਂ ਦੀ 27ਵੀਂ ਬਰਸੀ ਟੋਰਾਂਟੋ ਏਰੀਏ ਦੀ ਸੰਗਤ ਵੱਲੋਂ 19 ਮਈ ਨੂੰ ਰਵੀਦਾਸ ਗੁਰਦੁਆਰਾ ਸਾਹਿਬ ਬਰਲਿੰਗਟਨ ਵਿਖੇ ਬੜੀ ਸ਼ਰਧਾ ਤੇ ਉਤਸਾਹ ਨਾਲ ਮਨਾਈ ਜਾ ਰਹੀ ਹੈ। ਇਸ ਸਬੰਧੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦਾ ਆਰੰਭ ਸ਼ੁੱਕਰਵਾਰ 17 ਮਈ ਨੂੰ ਸਵੇਰੇ 11.00 ਵਜੇ ਹੋਵੇਗਾ ਅਤੇ ਇਸ ਦਾ ਭੋਗ ਐਤਵਾਰ 19 ਮਈ ਨੂੰ ਸਵੇਰੇ ਦਸ ਵਜੇ ਪਾਇਆ ਜਾਏਗਾ। ਉਪਰੰਤ, ਦੁਪਹਿਰ ਇੱਕ ਵਜੇ ਤੱਕ ਰਾਗੀ ਜੱਥਿਆਂ ਵੱਲੋਂ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ ਜਾਏਗਾ ਤੇ ਵਿਦਵਾਨਾਂ ਵੱਲੋਂ ਗੁਰਮਤਿ ਵਿਚਾਰਾਂ ਕੀਤੀਆਂ ਜਾਣਗੀਆਂ। ਇਸ ਦੌਰਾਨ 'ਗੁਰੂ ਕਾ ਲੰਗਰ' ਅਟੁੱਟ ਵਰਤੇਗਾ।

ਸਮੂਹ ਸੰਗਤ ਨੂੰ ਰਵੀਦਾਸ ਗੁਰਦੁਆਰਾ ਸਾਹਿਬ, 2284 ਕੁਈਨਜ਼ ਵੇਅ ਡਰਾਈਵ, ਬਰਲਿੰਗਟਨ ਵਿਖੇ ਹੋ ਰਹੇ ਇਸ ਧਾਰਮਿਕ ਸਮਾਗਮ ਵਿਚ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਇਸ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਰਜਿੰਦਰ ਸਿੰਘ ਫਗਵਾੜਾ ਨਾਲ 289-242-9630 'ਤੇ ਸੰਪਰਕ ਕੀਤਾ ਜਾ ਸਕਦਾ ਹੈ।

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
(647) 954-9885
20 Maritime Ont Blvd Unit 15
Brampton, ON L6S 0C2

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

## ਅੱਜ ਨਾਮਾ

ਲੱਗ ਰਹੇ ਦੋਸ਼ ਤਾਂ ਲੱਗੀ ਹਨ ਇੰਜ ਜਾਣੇ,
ਜਦੋਂ ਤੱਕ ਚੋਣ ਮੁਕੰਮਲ ਨਾ ਹੋਈ ਮੀਆਂ।
ਕੰਪੀਟੀਸ਼ਨ ਜਿਹਾ ਚੱਲ ਰਿਹਾ ਦੂਸ਼ਣਾਂ ਦਾ,
ਚਾਹਵੇ ਪਛੜਨਾ ਕਿਤੇ ਨਹੀਂ ਕੋਈ ਮੀਆਂ।
ਜਿਹੜੀ ਹੋਈ-ਅਣਹੋਈ ਕੋਈ ਸੁੱਝ ਜਾਂਦੀ,
ਮਸਲਾ ਬਣਦੀ ਹੈ ਬਹਿਸ ਦਾ ਸੋਈ ਮੀਆਂ।
ਸਮਾਜਕ ਸਾਂਝ ਦੀ ਗੱਲ ਕੁਝ ਘੱਟ ਸੁਣਦੀ,
ਹਰ ਕੋਈ ਜ਼ਹਿਰ ਹੈ ਜਾਂਵਦਾ ਚੋਈ ਮੀਆਂ।
ਜਦ ਤੱਕ ਸਿਰੇ ਚੜ੍ਹਨਾ ਈ ਕੰਮ ਚੋਣ ਵਾਲਾ,
ਚੱਲਦਾ ਰਹਿਣਾ ਬੱਸ ਇਹੋ ਘਮਸਾਨ ਮੀਆਂ।
ਕੋਈ ਨਹੀਂ ਸੋਚਦਾ ਚਾਰ-ਛੇ ਹਫਤਿਆਂ 'ਚ,
ਹੋ ਜਾਊ ਸਮਾਜ ਦਾ ਕਿੰਨਾ ਨੁਕਸਾਨ ਮੀਆਂ।

**ਤੀਸ ਮਾਰ ਖਾਂ**

# ਰੂਸ ਦੇ ਉਪ ਰੱਖਿਆ ਮੰਤਰੀ ਰਿਸ਼ਵਤ ਲੈਂਦਿਆਂ ਕਾਬੂ, ਭ੍ਰਿਸ਼ਟਾਚਾਰ ਦੇ ਦੋਸ਼ ਵੀ ਲੱਗੇ

ਮਾਸਕੋ, 24 ਅਪ੍ਰੈਲ (ਪੋਸਟ ਬਿਊਰੋ): ਰੂਸ ਦੇ ਉਪ ਰੱਖਿਆ ਮੰਤਰੀ ਤੈਮੂਰ ਇਵਾਨੋਵ ਨੂੰ ਫੇਡਰਲ ਸਿਕਿਓਰਿਟੀ ਸਰਵਿਸ ਨੇ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਨੂੰ ਮੰਗਲਵਾਰ 23 ਅਪ੍ਰੈਲ ਨੂੰ ਫੜ੍ਹਿਆ ਗਿਆ ਸੀ। ਉਨ੍ਹਾਂ ਨੂੰ ਬੁੱਧਵਾਰ 24 ਅਪ੍ਰੈਲ ਨੂੰ ਅਦਾਲਤ 'ਚ ਪੇਸ਼ ਕੀਤਾ ਗਿਆ। ਅਦਾਲਤ ਨੇ ਉਨ੍ਹਾਂ ਨੂੰ 23 ਜੂਨ ਤੱਕ ਹਿਰਾਸਤ ਵਿੱਚ ਰੱਖਣ ਦੇ ਹੁਕਮ ਦਿੱਤੇ ਹਨ।

ਜਾਣਕਾਰੀ ਮੁਤਾਬਕ ਇਵਾਨੋਵ 'ਤੇ 2022 'ਚ ਰੂਸ-ਯੂਕਰੇਨ ਜੰਗ ਦੌਰਾਨ ਭ੍ਰਿਸ਼ਟਾਚਾਰ ਦੇ ਦੋਸ਼ ਵੀ ਲੱਗੇ ਹਨ। ਬੁੱਧਵਾਰ ਨੂੰ ਇਵਾਨੋਵ ਨੂੰ ਮਾਸਕੋ ਦੀ ਬਾਸਮੈਨੀ ਜ਼ਿਲ੍ਹਾ ਅਦਾਲਤ ਵਿੱਚ ਪੇਸ਼ ਕੀਤਾ ਗਿਆ।



48 ਸਾਲਾ ਇਵਾਨੋਵ 'ਤੇ ਫੈਸਲਾ ਸੁਣਾਉਂਦੇ ਹੋਏ ਅਦਾਲਤ ਨੇ ਕਿਹਾ ਕਿ ਜਾਂਚ ਏਜੰਸੀਆਂ ਦਾ ਮੰਨਣਾ ਹੈ ਕਿ ਉਨ੍ਹਾਂ ਨੇ ਸਰਕਾਰ ਖਿਲਾਫ ਕਿਸੇ ਤੀਜੀ ਧਿਰ ਨਾਲ ਮਿਲ ਕੇ ਸਾਜ਼ਿਸ਼ ਰਚੀ ਸੀ। ਜੇਕਰ ਉਹ ਹੁਣ ਦੋਸ਼ੀ ਪਾਏ ਗਏ ਤਾਂ ਉਨ੍ਹਾਂ ਨੂੰ 15 ਸਾਲ ਦੀ ਜੇਲ ਹੋਵੇਗੀ। ਹਾਲਾਂਕਿ, ਇਵਾਨੋਵ ਦਾ ਕਹਿਣਾ ਹੈ ਕਿ ਉਹ ਬੇਕਸੂਰ ਹੈ।

# ਮਾਰਕਫੈੱਡ ਪੰਜਾਬ ਦੇ ਮੈਨੇਜਿੰਗ ਡਾਇਰੈਕਟਰ ਗਿਰੀਸ਼ ਦਿਆਲਨ ਵੱਲੋਂ ਦਾਣਾ ਮੰਡੀ ਮੋਗਾ ਵਿੱਚ ਖਰੀਦ ਪ੍ਰਬੰਧਾਂ ਦੀ ਸਮੀਖਿਆ

ਮੋਗਾ, 24 ਅਪ੍ਰੈਲ (ਗਿਆਨ ਸਿੰਘ): ਜ਼ਿਲ੍ਹਾ ਮੋਗਾ ਵਿੱਚ ਕਣਕ ਦੇ ਖ਼ੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅੱਜ ਮਾਰਕਫੈੱਡ ਪੰਜਾਬ ਦੇ ਮੈਨੇਜਿੰਗ ਡਾਇਰੈਕਟਰ ਗਿਰੀਸ਼ ਦਿਆਲਨ ਆਈ.ਏ.ਐਸ. ਵੱਲੋਂ ਮੋਗਾ ਮੰਡੀ ਦਾ ਸਪੈਸ਼ਲ ਦੌਰਾ ਕੀਤਾ। ਉਨ੍ਹਾਂ ਵੱਲੋਂ ਕਿਸਾਨਾਂ, ਆੜਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਅਤੇ ਖ਼ੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਜ਼ਿਲ੍ਹਾ ਮੋਗਾ ਵਿੱਚ ਖ਼ੀਦ ਦੇ ਪ੍ਰਬੰਧਾਂ ਉੱਪਰ ਉਨ੍ਹਾਂ ਵੱਲੋਂ ਸੰਤੁਸ਼ਟੀ ਪ੍ਰਗਟਾਈ ਅਤੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਵੀ ਕੀਤੀ।

ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ ਸਾਰੀਆਂ ਮੰਡੀਆਂ ਖ਼ੀਦ ਦੇ ਵਿੱਚ ਯੋਗ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ, ਜ਼ਿਲ੍ਹਾ ਮੈਨੇਜਰ



ਮਾਰਕਫੈਡ ਬਲਦੀਪ ਸਿੰਘ, ਸਹਾਇਕ ਖੁਰਾਕ ਸਪਲਾਈ ਅਫ਼ਸਰ ਗੁਰਲਾਲ ਸਿੰਘ, ਨਿਰੀਖਕ ਜਗਦੀਪ ਸਿੰਘੂ, ਡਿਪਟੀ ਜ਼ਿਲ੍ਹਾ ਮੰਡੀ ਅਫ਼ਸਰ ਅਮਨਪ੍ਰੀਤ ਸਿੰਘ ਅਤੇ ਹੋਰ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ 155 ਮੰਡੀਆਂ ਵਿੱਚ ਪੁਖਤਾ ਖ਼ੀਦ ਪ੍ਰਬੰਧ ਕੀਤੇ ਗਏ ਹਨ। ਕਿਸਾਨਾਂ ਨੂੰ ਜ਼ਿਲ੍ਹੇ ਦੀ ਕਿਸੇ ਵੀ ਮੰਡੀ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਵੱਲੋਂ ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਵੀ ਖ਼ੀਦ ਪ੍ਰਬੰਧਾਂ ਬਾਰੇ ਵਿਚਾਰ ਵਟਾਂਦਰਾ ਕੀਤਾ। ਡਿਪਟੀ ਕਮਿਸ਼ਨਰ ਵੱਲੋਂ ਅਜੀਤਵਾਲ ਤੇ ਡਾਲਾ ਦਾਣਾ ਮੰਡੀਆਂ ਦਾ ਵੀ ਦੌਰਾ ਕੀਤਾ।

ਡਿਪਟੀ ਕਮਿਸ਼ਨਰ ਵੱਲੋਂ ਰਬੀ ਸੀਜ਼ਨ 2024-25 ਦੇ ਸਬੰਧ ਵਿੱਚ ਕੀਤੇ ਗਏ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਮੋਗਾ ਵਿੱਚ ਇਸ ਸਾਲ ਪਿਛਲੇ ਸਾਲ ਦੇ ਮੁਕਾਬਲੇ ਪ੍ਰਤੀ ਹੈਕਟੇਅਰ 54 ਕੁਇੰਟਲ ਕਣਕ ਦੀ ਪੈਦਾਵਾਰ ਹੋਣ ਦੀ ਸੰਭਾਵਨਾ ਹੈ। ਪਿਛਲੇ ਸਾਲ ਇਹ ਪੈਦਾਵਾਰ ਪ੍ਰਤੀ ਹੈਕਟੇਅਰ 49 ਕੁਇੰਟਲ ਦਰਜ ਕੀਤੀ ਗਈ ਸੀ।

## ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਵੱਲੋਂ ਡਿਜ਼ੀਟਲ ਅਖਬਾਰ 'ਵੰਨ ਸੁਵੰਨੀ ਖੇਤੀ' ਦਾ ਪਹਿਲਾ ਐਡੀਸ਼ਨ ਕਿਸਾਨਾਂ ਲਈ ਜਾਰੀ



ਫ਼ਰੀਦਕੋਟ, 24 ਅਪ੍ਰੈਲ (ਗਿਆਨ ਸਿੰਘ): ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਫ਼ਰੀਦਕੋਟ ਵੱਲੋਂ ਇੱਕ ਹੋਰ ਨਵੀਂ ਪਹਿਲਕਦਮੀ ਕਰਦਿਆਂ ਕਿਸਾਨਾਂ ਨੂੰ ਸੂਚਨਾ ਤਕਨਾਲੋਜੀ ਜਰੀਏ ਖੇਤੀਬਾੜੀ ਦੇ ਨਵੇਂ ਢੰਗਾਂ ਅਤੇ ਖੇਤੀ ਮਾਹਿਰਾਂ ਦੀਆਂ ਸਲਾਹਾਂ ਤੋਂ ਜਾਣੂ ਕਰਵਾਉਣ ਲਈ ਮਹੀਨਾਵਾਰ ਡਿਜ਼ੀਟਲ ਅਖਬਾਰ 'ਵੰਨਸੁਵੰਨੀ ਖੇਤੀ' ਦੀ ਸ਼ੁਰੂਆਤ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਵੱਲੋਂ ਇਸ ਡਿਜ਼ੀਟਲ ਅਖਬਾਰ 'ਵੰਨ ਸੁਵੰਨੀ ਖੇਤੀ' ਦੇ ਪਹਿਲੇ ਐਡੀਸ਼ਨ ਨੂੰ ਆਪਣੇ ਦਫ਼ਤਰ ਵਿਖੇ ਕਿਸਾਨਾਂ ਲਈ ਜਾਰੀ ਕੀਤਾ ਗਿਆ।

ਵੰਨ ਸੁਵੰਨੀ ਖੇਤੀ ਮੈਗਜ਼ੀਨ ਦੇ ਪਹਿਲੇ ਡਿਜ਼ੀਟਲ ਅੰਕ ਦੀ ਸ਼ੁਰੂਆਤ ਕਰਦਿਆਂ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਕਿਹਾ ਕਿ ਅੱਜ ਦੇ ਇਸ ਤਕਨੀਕੀ ਯੁਗ ਵਿੱਚ ਡਿਜ਼ੀਟਲ ਮੰਚ ਦੀ ਬਾਂਹ ਫੜ੍ਹਨੀ ਬਹੁਤ ਜ਼ਰੂਰੀ ਹੈ ਕਿਉਂਕਿ ਇਸ ਮੰਚ ਦੀ ਵਰਤੋਂ ਨਾਲ ਬਹੁਤ ਹੀ ਘੱਟ ਸਮੇਂ ਵਿੱਚ ਜ਼ਿਆਦਾ ਕਿਸਾਨਾਂ ਤੱਕ ਖੇਤੀ ਦੀਆਂ ਨਵੀਆਂ ਤਕਨੀਕਾਂ ਨੂੰ ਪਹੁੰਚਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਖੇਤੀ ਦੇ ਕਿੱਤੇ ਨੂੰ ਬੁਲੰਦੀਆਂ 'ਤੇ ਲੈ ਕੇ ਜਾਣ ਲਈ ਨੌਜਵਾਨ ਕਿਸਾਨਾਂ ਦਾ ਬਹੁਤ ਵੱਡਾ ਯੋਗਦਾਨ ਹੈ ਕਿਉਂਕਿ ਇਸ ਡਿਜ਼ੀਟਲ ਯੁਗ ਵਿੱਚ ਇਸ ਵਰਗ ਦੇ ਜ਼ਿਆਦਾਤਰ ਕਿਸਾਨ ਸੋਸ਼ਲ ਮੀਡੀਆ ਦੀ ਵਰਤੋਂ ਕਰਦੇ ਹਨ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਇਸ ਉਪਰਾਲੇ ਰਾਹੀਂ ਇਸ ਵੱਡੇ ਵਰਗ ਨੂੰ ਡਿਜ਼ੀਟਲ ਮੰਚ ਨਾਲ ਜੋੜਕੇ ਖੇਤੀ ਦੇ ਵਿਸ਼ਿਆਂ ਦੀ ਜਾਣਕਾਰੀ ਜ਼ਮੀਨੀ ਪੱਧਰ 'ਤੇ ਪਹੁੰਚਾਈ ਜਾ ਸਕਦੀ ਹੈ।

# ਤਰਕਸ਼ੀਲ ਸੁਸਾਇਟੀ ਕੈਨੇਡਾ ਦੀ ਓਂਟਾਰੀਓ ਇਕਾਈ ਦੇ ਨਵੇਂ ਅਹੁਦੇਦਾਰਾਂ ਦੀ ਚੋਣ



ਬਰੈਂਪਟਨ, 24 ਅਪ੍ਰੈਲ (ਡਾ. ਬਲਜਿੰਦਰ ਸਿੰਘ ਸੇਖੋਂ): ਤਰਕਸ਼ੀਲ ਸੁਸਾਇਟੀ ਕੈਨੇਡਾ ਦੀ ਓਂਟਾਰੀਓ ਇਕਾਈ ਦੇ ਬੀਤੇ ਐਤਵਾਰ ਹੋਏ ਜਨਰਲ ਇਜਲਾਸ ਵਿੱਚ ਜਿੱਥੇ ਪਿਛਲੇ ਦੋ ਸਾਲਾਂ ਦੇ ਕੰਮਕਾਜ 'ਤੇ ਚਰਚਾ ਹੋਈ ਉਸ ਦੇ ਨਾਲ ਹੀ ਨਵੀਂ ਕਾਰਜਕਰਨੀ ਅਤੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਜਸਵੀਰ ਚਾਹਿਲ ਪ੍ਰਧਾਨ, ਅਮਰਦੀਪ ਜਨਰਲ ਸਕੱਤਰ, ਬਲਰਾਜ ਸ਼ੌਕਰ ਮੀਤ ਪ੍ਰਧਾਨ, ਨਿਰਮਲ ਸੰਧੂ ਖਜ਼ਾਨਚੀ ਅਤੇ ਬਲਜਿੰਦਰ ਭੁਲਰ ਸਹਾਇਕ ਸਕੱਤਰ ਚੁਣੇ ਗਏ। ਬਲਵਿੰਦਰ ਬਰਨਾਲਾ, ਡਾ ਬਲਜਿੰਦਰ ਸੇਖੋਂ, ਬਲਦੇਵ ਰਹਿਪਾ, ਨਵਕਿਰਨ ਸਿੱਧੂ, ਬਲਰਾਜ ਸ਼ੌਕਰ ਅਤੇ ਸੋਹਣ ਢੀਂਡਸਾ 21 ਮਈ 2024 ਨੂੰ ਹੋਣ ਵਾਲੇ ਕੌਮੀ ਜਨਰਲ ਇਜਲਾਸ ਲਈ ਡੈਲੀਗੇਟ ਨਾਮਜ਼ਦ ਕੀਤੇ ਗਏ। ਜਸਵੀਰ ਚਹਿਲ ਅਤੇ ਅਮਰਦੀਪ ਕੌਮੀ ਇਜਲਾਸ ਵਿੱਚ ਦਰਸ਼ਕ ਦੇ ਤੌਰ ਤੇ ਸ਼ਿਰਕਤ ਕਰਨਗੇ। ਇਹ ਚੋਣ ਸਰਬਸੰਮਤੀ ਨਾਲ ਪ੍ਰਧਾਨਗੀ ਮੰਡਲ ਜਿਸ ਵਿੱਚ ਡਾ ਬਲਜਿੰਦਰ ਸਖੋਂ, ਬਲਵਿੰਦਰ ਬਰਨਾਲਾ, ਬਲਰਾਜ ਸ਼ੌਕਰ ਅਤੇ ਬਲਦੇਵ ਰਹਿਪਾ ਸ਼ਾਮਿਲ ਸਨ ਦੀ ਦੇਖ ਰੇਖ ਵਿੱਚ ਹੋਈ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

ਇਜਲਾਸ ਸਮੇਂ ਜਿਥੇ ਪੁਰਾਣੇ ਮੈਂਬਰਾਂ ਨੇ ਅਗਲੇ ਦੋ ਸਾਲ ਲਈ ਅਪਣੀ ਮੈਂਬਰਸ਼ਿਪ ਨਵਿਆਈ, ਉਥੇ ਇਸ ਵਾਰ ਨਵੇਂ ਮੈਂਬਰ ਵੀ ਸ਼ਾਮਿਲ ਹੋਏ। ਪ੍ਰੋਗਰਾਮ ਦੇ ਸ਼ੁਰੂ ਵਿੱਚ ਸਦਾ ਲਈ ਵਿੱਛੜੇ ਸਾਥੀਆਂ ਨੂੰ ਸ਼ਰਧਾਂਜਲੀ ਦਿੰਦਿਆਂ ਇੱਕ ਮਿੰਟ ਦਾ ਮੌਨ ਰੱਖਿਆ ਗਿਆ। ਇਸ ਉਪਰੰਤ ਸਕੱਤਰ ਅਮਰਦੀਪ ਨੇ ਬੀਤੇ ਦੋ ਸਾਲ ਵਿੱਚ ਸੋਸਾਇਟੀ ਵਲੋਂ ਕੀਤੇ ਕੰਮਾਂ ਦਾ ਵੇਰਵਾ ਮੈਂਬਰਾਂ ਨਾਲ ਸਾਂਝਾ ਕੀਤਾ ਜਿਸ ਨੂੰ ਸਭ ਵਲੋਂ ਸਰਾਹਿਆ ਗਿਆ। ਇਨ੍ਹਾਂ ਦੋ ਸਾਲਾਂ ਦੌਰਾਨ ਇਕੱਠੇ ਕੀਤੇ ਫੰਡ ਅਤੇ ਖਰਚ ਦਾ ਹਿਸਾਬ ਕਿਤਾਬ ਵੀ ਵਿਸਥਾਰ ਵਿੱਚ ਦੱਸਿਆ ਗਿਆ। ਸੁਸਾਇਟੀ ਵਹਿਮਾਂ ਭਰਮਾਂ ਦੇ ਖਿਲਾਫ ਪ੍ਰਚਾਰ ਕਰਨ ਦੇ ਨਾਲ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਸੋਚ ਤੇ ਪਹਿਰਾ ਦਿੰਦਿਆਂ, ਚੰਗੇ, ਲੁੱਟ ਰਹਿਤ ਸਮਾਜ ਦੀ ਸਿਰਜਣਾ ਲਈ ਕੀਤੇ ਜਾਂਦੇ ਉਪਰਾਲਿਆਂ ਵਿੱਚ ਵੀ ਅਗਾਂਹਵਧੂ ਜਥੇਬੰਦੀਆਂ ਦੇ ਯਤਨਾ ਵਿੱਚ ਸਹਿਯੋਗ ਦਿੰਦੀ ਰਹਿੰਦੀ ਹੈ। ਸੋਸਾਇਟੀ ਬਾਰੇ ਹੋਰ ਜਾਣਕਾਰੀ ਲਈ, ਅਮਨਦੀਪ ਮੰਡੇਰ (647 782 8334) ਜਾਂ ਜਸਵੀਰ ਚਹਿਲ (416 820 6800) ਨਾਲ ਸੰਪਰਕ ਕੀਤਾ ਜਾ ਸਕਦਾ ਹੈ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

# ਪੰਜਾਬ ਰਾਜ ਸਕੂਲ ਖੇਡਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਜ਼ਿਲ੍ਹਾ ਬਰਨਾਲਾ ਦੇ ਖਿਡਾਰੀਆਂ ਦਾ ਕੀਤਾ ਸਨਮਾਨ

ਬਰਨਾਲਾ, 24 ਅਪ੍ਰੈਲ (ਪੋਸਟ ਬਿਊਰੋ): ਜ਼ਿਲ੍ਹਾ ਟੂਰਨਾਮੈਂਟ ਕਮੇਟੀ ਬਰਨਾਲਾ ਵੱਲੋਂ 67ਵੀਆਂ ਪੰਜਾਬ ਰਾਜ ਅੰਤ੍ਰ ਜਿਲ੍ਹਾ ਸਕੂਲ ਖੇਡਾਂ ਸੈਸ਼ਨ 202324 ਦੌਰਾਨ ਪ੍ਰਾਪਤੀਆਂ ਕਰਨ ਵਾਲੇ ਜਿਲ੍ਹੇ ਦੇ ਖਿਡਾਰੀਆਂ ਦਾ ਸਨਮਾਨ ਕਰਨ ਲਈ ਵਾਈ.ਐਸ. ਸਕੂਲ ਹੰਡਿਆਇਆ ਵਿਖੇ ਜਿਲ੍ਹਾ ਪੱਧਰੀ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਖਿਡਾਰੀਆਂ ਦਾ ਸਨਮਾਨ ਕਰਨ ਦੀ ਰਸਮ ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਬਰਨਾਲਾ ਮੈਡਮ ਪਦਮਨੀ ਨੇ ਨਿਭਾਈ। ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਬਰਨਾਲਾ ਮੈਡਮ ਪਦਮਨੀ ਨੇ ਸੂਬਾ ਪੱਧਰੀ ਖੇਡਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਜਿੱਥੇ ਖੇਡਾਂ ਵਿਅਕਤੀ ਦਾ ਸਰੀਰਕ ਵਿਕਾਸ ਕਰਦੀਆਂ ਹਨ ਉੱਥੇ ਨਾਲ ਹੀ ਉਸ ਨੂੰ ਮਾਨਸਿਕ ਤੌਰ 'ਤੇ ਮਜ਼ਬੂਤ ਅਤੇ ਸਮਾਜਿਕ ਤੌਰ 'ਤੇ ਚੇਤੰਨ ਵੀ ਬਣਾਉਣੀਆਂ ਹਨ। ਉਹਨਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਸਖਤ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਉਪ ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਡਾ. ਬਰਜਿੰਦਰਪਾਲ ਸਿੰਘ ਨੇ ਵਿਦਿਆਰਥੀ ਜੀਵਨ ਵਿੱਚ ਖੇਡਾਂ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਕਿਹਾ ਕਿ ਖੇਡਾਂ ਵਿੱਚ ਮਿਲੇ ਮੌਕਿਆਂ ਰਾਹੀਂ ਵਿਅਕਤੀ ਦੀ ਸਖਸ਼ੀਅਤ ਵਿੱਚ ਨਿਖਾਰ ਆਉਂਦਾ ਹੈ ਅਤੇ ਸਮਾਜ ਵਿੱਚ ਉਸ ਦੀ ਵਿਲੱਖਣ ਪਛਾਣ ਬਣਦੀ ਹੈ। ਡੀ.ਐਮ. ਸਪੋਰਟਸ ਬਰਨਾਲਾ ਸਿਮਰਦੀਪ ਸਿੰਘ ਸਿੱਧੂ ਨੇ ਜਿਲ੍ਹੇ ਦੀਆਂ ਖੇਡ ਪ੍ਰਾਪਤੀਆਂ ਸਬੰਧੀ ਚਾਨਣਾ ਪਾਉਂਦਿਆਂ ਦੱਸਿਆ ਕਿ ਸੈਸ਼ਨ 202324 ਦੌਰਾਨ ਜਿਲ੍ਹੇ ਦੇ ਵੱਖਵੱਖ ਸਕੂਲਾਂ ਦੇ ਖਿਡਾਰੀਆਂ ਨੇ ਪੰਜਾਬ ਰਾਜ ਸਕੂਲ ਖੇਡਾਂ ਵਿੱਚ ਕੁੱਲ 213 ਮੈਡਲ ਜਿੱਤ ਕੇ ਆਪਣੇ ਅਧਿਆਪਕਾਂ, ਮਾਤ-ਪਿਤਾ ਅਤੇ ਜਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਪ੍ਰਿੰਸੀਪਲ ਡਾ. ਅਜਿਤਾ ਦਹੀਆ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਖੇਡਾਂ ਜੀਵਨ ਦੀਆਂ ਕਠਿਨਾਈਆਂ ਵਿੱਚ ਵਿਅਕਤੀ ਨੂੰ ਅੱਗੇ ਵਧਣ ਲਈ ਪ੍ਰੇਰਨਾ ਦਿੰਦਿਆਂ ਹਨ। ਇਸ ਲਈ ਹਰੇਕ ਵਿਅਕਤੀ ਨੂੰ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ। ਮੰਚ ਸੰਚਾਲਨ ਦੀ ਜਿੰਮੇਵਾਰੀ ਡੀ.ਪੀ.ਈ. ਹਰਜੀਤ ਸਿੰਘ ਜੋਗਾ ਵੱਲੋ ਨਿਭਾਈ ਗਈ। ਇਸ ਮੌਕੇ ਪ੍ਰਿੰਸੀਪਲ ਨੀਰਜਾ, ਪ੍ਰਿੰਸੀਪਲ ਨਿਦਾ ਅਲਤਾਫ, ਹੈੱਡ ਮਾਸਟਰ ਪ੍ਰਦੀਪ ਕੁਮਾਰ, ਸਚਿਨ ਗੁਪਤਾ, ਮੱਲ ਸਿੰਘ, ਮਲਕੀਤ ਸਿੰਘ ਭੁੱਲਰ, ਬਲਜਿੰਦਰ ਸਿੰਘ, ਭੁਪਿੰਦਰ ਸਿੰਘ, ਮਨਜੀਤ ਸਿੰਘ, ਰਜਿੰਦਰ ਸਿੰਘ, ਅਵਤਾਰ ਸਿੰਘ, ਲਵਲੀਨ ਸਿੰਘ, ਜਸਪ੍ਰੀਤ ਸਿੰਘ, ਹਰਭਜਨ ਸਿੰਘ, ਜਤਿੰਦਰਜੀਤ ਸਿੰਘ ਸਮੇਤ ਸਮੂਹ ਜਿਲ੍ਹਾ ਟੂਰਨਾਮੈਂਟ ਕਮੇਟੀ, ਵੱਖਵੱਖ ਸਕੂਲਾਂ ਦੇ ਸਰੀਰਕ ਸਿੱਖਿਆ ਅਧਿਆਪਕ ਅਤੇ ਖਿਡਾਰੀ ਮੌਜੂਦ ਸਨ।



**ShergGill Law Firm**
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com




# ਬੌਬ ਢਿੱਲੋਂ ਨੂੰ ਪੰਜਾਬੀ ਵਰਲਡ 'ਤੇ ਮਾਣ : ਆਰੀਅਨਜ਼

## ਆਰੀਅਨਜ਼ ਦੇ ਵਫ਼ਦ ਨੇ ਕੈਲਗਰੀ ਵਿੱਚ ਬੌਬ ਢਿੱਲੋਂ ਨਾਲ ਕੀਤੀ ਮੁਲਾਕਾਤ

ਮੁਕਤਸਰ, 24 ਅਪ੍ਰੈਲ (ਗਿਆਨ ਸਿੰਘ): ਆਰੀਅਨਜ਼ ਗਰੁੱਪ ਆਫ਼ ਕਾਲਜਿਜ਼, ਰਾਜਪੁਰਾ, ਨੇੜੇ ਚੰਡੀਗੜ੍ਹ ਦੇ ਇੱਕ ਵਫ਼ਦ ਨੇ ਡਾ. ਅੰਸ਼ੂ ਕਟਾਰੀਆ, ਚੇਅਰਮੈਨ, ਆਰੀਅਨਜ਼ ਗਰੁੱਪ ਅਤੇ ਪ੍ਰਧਾਨ, ਪੰਜਾਬ ਅਨਏਡਿਡ ਕਾਲਜਿਜ਼ ਐਸੋਸੀਏਸ਼ਨ (ਪੁੱਕਾ) ਦੀ ਅਗਵਾਈ ਵਿੱਚ, ਕੈਲਗਰੀ, ਕੈਨੇਡਾ ਵਿੱਚ ਪ੍ਰਸਿੱਧ ਪਰਉਪਕਾਰੀ ਬੌਬ ਢਿੱਲੋਂ ਨਾਲ ਮੁਲਾਕ-ਾਤ ਕੀਤੀ। ਪੀਯੂਸ਼ ਗਿਰਧਰ, ਸਲਾਹਕਾਰ, ਅੰਤਰਰਾਸ਼ਟਰੀ ਮਾਮਲੇ, ਆਰੀਅਨਜ਼ ਗਰੁੱਪ ਵੀ ਮੌਜੂਦ ਸਨ।

ਆਰੀਅਨਜ਼ ਗਰੁੱਪ ਆਫ਼ ਕਾਲਿ-ਜਜ਼, ਰਾਜਪੁਰਾ, ਨੇੜੇ ਚੰਡੀਗੜ੍ਹ ਦੇ ਇੱਕ ਵਫ਼ਦ ਨੇ ਡਾ. ਅੰਸ਼ੂ ਕਟਾਰੀਆ, ਚੇਅਰਮੈਨ, ਆਰੀਅਨਜ਼ ਗਰੁੱਪ ਅਤੇ ਪ੍ਰਧਾਨ, ਪੰਜਾਬ ਅਨਏਡਿਡ ਕਾਲਜਿਜ਼ ਐਸੋਸੀਏਸ਼ਨ (ਪੁੱਕਾ) ਦੀ ਅਗਵਾਈ ਵਿੱਚ, ਕੈਲਗਰੀ, ਕੈਨੇਡਾ ਵਿੱਚ ਪ੍ਰਸਿੱਧ ਪਰਉਪਕਾਰੀ ਬੌਬ ਢਿੱਲੋਂ ਨਾਲ ਮੁਲਾਕ-ਾਤ ਕੀਤੀ। ਪੀਯੂਸ਼ ਗਿਰਧਰ, ਸਲਾਹਕਾਰ, ਅੰਤਰਰਾਸ਼ਟਰੀ ਮਾਮਲੇ,



ਆਰੀਅਨਜ਼ ਗਰੁੱਪ ਵੀ ਮੌਜੂਦ ਸਨ।

ਬੌਬ ਢਿੱਲੋਂ ਨੇ ਆਪਣੇ ਘਰ 'ਤੇ ਆਰੀਅਨਜ਼ ਡੈਲੀਗੇਸ਼ਨ ਦੀ ਮੇਜ਼ਬਾਨੀ ਕੀਤੀ ਅਤੇ ਸਿੱਖਿਆ ਖੇਤਰ ਨੂੰ ਉੱਚਾ ਚੁੱਕਣ ਅਤੇ ਸਮਾਜ ਦੇ ਦੱਬੇ-ਕੁਚਲੇ ਹਿੱਸੇ ਦੀ ਮਦਦ ਕਰਨ ਦੇ ਆਪਣੇ ਦ੍ਰਿਸ਼ਟੀਕੋਣ 'ਤੇ ਚਰਚਾ ਕੀਤੀ। ਕੈਰੀ ਬੀ ਗੌਡਫਰੇ, ਡੀਨ ਢਿੱਲੋਂ ਸਕੂਲ ਆਫ ਬਿਜ਼ਨਸ, ਯੂਨੀਵਰਸਿਟੀ ਆਫ ਲੈਥਬ੍ਰਿਜ, ਕੈਲਗਰੀ ਵੀ ਹਾਜ਼ਰ ਸਨ। ਡਾ. ਅੰਸ਼ੂ ਕਟਾਰੀਆ ਨੇ ਅੰਤਰਰਾਸ਼ਟਰੀ ਦਾਖਲਿਆਂ 'ਤੇ ਅੰਸ਼ਕ ਪਾਬੰਦੀ ਦੇ ਪ੍ਰਭਾਵਾਂ ਬਾਰੇ ਵੀ ਚਰਚਾ ਕੀਤੀ। ਉਨ੍ਹਾਂ ਬੌਬ ਢਿੱਲੋਂ ਦੀ ਪ੍ਰਸੰਸਾ ਕੀਤੀ ਜੋ ਵੱਖ-ਵੱਖ ਪਰਉਪਕਾਰੀ ਗਤੀਵਿਧੀਆਂ ਰਾਹੀਂ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਕੰਮ ਕਰ ਰਹੇ ਹਨ। ਪਿਊਸ਼ ਗਿਰਧਰ ਨੇ ਬੌਬ ਢਿੱਲੋਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਢਿੱਲੋਂ ਨੇ ਕੈਨੇਡਾ ਵਿੱਚ ਆਪਣੀ ਦੂਰਅੰਦੇਸ਼ੀ ਨਾਲ 17000 ਦੇ ਕਰੀਬ ਜਾਇਦਾਦਾਂ ਬਣਾਈਆਂ ਹਨ ਅਤੇ ਨਾ ਸਿਰਫ਼ ਪੂਰੀ ਦੁਨੀਆਂ ਦੇ ਪੰਜਾਬੀਆਂ ਨੂੰ ਸਗੋਂ ਅਲਬਰਟਾ ਦੇ ਸਾਰੇ ਵਸਨੀਕ ਉਸ ਉੱਤੇ ਮਾਣ ਮਹਿਸੂਸ ਕਰਦੇ ਹਨ।

ਜ਼ਿਕਰਯੋਗ ਹੈ ਕਿ ਬੌਬ ਢਿੱਲੋਂ ਨੇ ਢਿੱਲੋਂ ਸਕੂਲ ਆਫ਼ ਬਿਜ਼ਨਸ ਦੀ ਸਹਾਇਤਾ ਲਈ ਲਗਭਗ 50 ਕਰੋੜ ਰੁਪਏ ਦਾਨ ਕੀਤੇ ਹਨ। ਕਟਾਰੀਆ ਨੇ ਕਿਹਾ ਕਿ ਇਹ ਉਨ੍ਹਾਂ ਦੀ ਉੱਚ ਦਿਆਲਤਾ ਹੈ। ਇਹ ਵੀ ਜਿਕਰਯੋਗ ਹੈ ਕਿ ਢਿੱਲੋਂ ਨੇ ਮਹਾਰਾਜਾ ਰਣਜੀਤ ਸਿੰਘ ਦੀ ਮਹਾਨ ਸਿੱਖ ਤਲਵਾਰ ਵੀ ਖਰੀਦੀ ਹੈ ਅਤੇ ਹਰ ਪੰਜਾਬੀ ਨੂੰ ਮਾਣ ਮਹਿਸੂਸ ਕੀਤਾ ਹੈ। ਵਰਨਣਯੋਗ ਹੈ ਕਿ ਢਿੱਲੋਂ ਕੈਲਗਰੀ ਸਥਿਤ ਜਨਤਕ ਤੌਰ 'ਤੇ ਵਪਾਰ ਕਰਨ ਵਾਲੀ ਕੰਪਨੀ ਮੇਨਸਟ੍ਰੀਟ ਇਕੁਇਟੀ ਕਾਰਪੋਰੇਸ਼ਨ ਦੇ ਸੰਸਥਾਪਕ, ਪ੍ਰਧਾਨ ਅਤੇ ਸੀ.ਈ.ਓ. ਉਹ ਪੈਨ ਪੈਸੀਫਿਕ ਮਰਕੈਂਟਾਈਲ ਗਰੁੱਪ ਦੇ ਸੰਸਥਾਪਕ, ਮਾਲਕ ਅਤੇ ਪ੍ਰਧਾਨ ਵੀ ਹਨ, ਇੱਕ ਅੰਤਰਰਾਸ਼ਟਰੀ ਵਪਾਰ ਅਤੇ ਨਿਰਯਾਤ ਕੰਪਨੀ ਜੋ ਬੇਲੀਜ਼ ਅਤੇ ਭਾਰਤ ਵਰਗੇ ਉਭਰ ਰਹੇ ਬਾਜ਼ਾਰਾਂ ਵਿੱਚ ਰੀਅਲ ਅਸਟੇਟ ਦੇ ਵਿਕਾਸ 'ਤੇ ਕੇਂਦਰਿਤ ਹੈ। ਉਹ ਨੈਸ਼ਨਲ ਪੇਮੈਂਟਸ ਦਾ ਸੰਸਥਾਪਕ ਅਤੇ ਸਹਿ-ਮਾਲਕ ਵੀ ਹੈ, ਜੋ ਕਿ ਛੋਟੇ ਕਾਰੋਬਾਰੀ ਵਪਾਰੀਆਂ ਲਈ ਇੱਕ ਪੁਆਇੰਟ-ਆਫ-ਸੇਲ ਭੁਗਤਾਨ ਹੱਲ ਸੰਸਥਾ ਹੈ। ਬੌਬ ਨੇ ਪੱਛਮੀ ਓਨਟਾਰੀਓ ਯੂਨੀਵਰਸਿਟੀ ਦੇ ਰਿਚਰਡ ਆਈਵੀ ਸਕੂਲ ਆਫ਼ ਬਿਜ਼ਨਸ ਤੋਂ ਐਮ.ਬੀ.ਏ. ਉਹ ਕੈਨੇਡਾ ਵਿੱਚ ਬੇਲੀਜ਼ ਲਈ ਆਨਰੇਰੀ ਕੌਂਸਲ ਜਨਰਲ ਹੈ। ਉਸਨੂੰ ਹਾਲ ਹੀ ਵਿੱਚ ਕਨੇਡਾ ਦੇ ਆਰਡਰ ਅਤੇ ਮਹਾਰਾਣੀ ਐਲਿਜ਼ਾਬੈਥ ਜੁਬਲੀ ਅਤੇ ਪਲੈਟੀਨਮ ਅਵਾਰਡ ਦੇ ਪ੍ਰਾਪਤਕਰਤਾ ਨਾਲ ਸਨਮਾਨਿਤ ਕੀਤਾ ਗਿਆ ਹੈ।







## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664







**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**






# ਕੈਨੇਡੀਅਨ ਪੰਜਾਬੀ ਸਾਹਿਤ ਸਭਾ ਟੋਰਾਂਟੋ ਵੱਲੋਂ ਮੀਟਿੰਗ ਵਿੱਚ ਡਾ. ਗੁਰਬਖ਼ਸ਼ ਭੰਡਾਲ ਦੀ ਪੁਸਤਕ 'ਕੱਚੇ ਪੱਕੇ ਰਾਹ' 'ਤੇ ਕਰਵਾਈ ਵਿਚਾਰ-ਚਰਚਾ





## ਡਾ. ਸੁਖਦੇਵ ਸਿੰਘ ਝੰਡ ਨੇ ਪੁਸਤਕ 'ਤੇ ਪੇਪਰ ਪੜ੍ਹਿਆ ਤੇ ਕਈ ਵਿਦਵਾਨਾਂ ਨੇ ਇਸ ਗੋਸ਼ਟੀ 'ਚ ਲਿਆ ਹਿੱਸਾ, ਹਰਜੀਤ ਬਾਜਵਾ ਨੂੰ ਸਨਮਾਨਿਤ ਕੀਤਾ ਗਿਆ ਤੇ ਕਵੀ-ਦਰਬਾਰ ਵੀ ਹੋਇਆ

ਬਰੈਂਪਟਨ, (ਡਾ. ਝੰਡ) - ਲੰਘੇ ਐਤਵਾਰ 21 ਅਪ੍ਰੈਲ ਨੂੰ ਕੈਨੇਡੀਅਨ ਪੰਜਾਬੀ ਸਾਹਿਤ ਸਭਾ ਟੋਰਾਂਟੋ ਵੱਲੋਂ ਇਸ ਮਹੀਨੇ ਦੀ ਇਕੱਤਰਤਾ ਵਿੱਚ ਡਾ. ਗੁਰਬਖ਼ਸ਼ ਸਿੰਘ ਭੰਡਾਲ ਦੀ ਨਵਪ੍ਰਕਾਸ਼ਿਤ ਪੁਸਤਕ 'ਕੱਚੇ ਪੱਕੇ ਰਾਹ' ਜੋ ਉਨ੍ਹਾਂ ਦੀ ਸਵੈ-ਜੀਵਨੀ ਨੂੰਵੱਖ-ਵੱਖ ਆਰਟੀਕਲਾਂ ਦੇ ਰੂਪ ਵਿੱਚ ਬਾਖ਼ੂਬੀ ਪੇਸ਼ ਕਰਦੀ ਹੈ, ਉੱਪਰ ਗੋਸ਼ਟੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪ੍ਰਧਾਨਗੀ-ਮੰਡਲ ਵਿੱਚ ਡਾ. ਭੰਡਾਲ ਦੇ ਨਾਲ ਉੱਘੇ ਖੇਡ-ਲੇਖਕ ਪ੍ਰਿੰਸੀਪਲ ਸਰਵਣ ਸਿੰਘ, ਮੈਡਮ ਹਰਦੀਪ ਕੌਰ, ਸਭਾ ਦੇ ਚੇਅਰਪਰਸਨ ਕਰਨ ਅਜਾਇਬ ਸਿੰਘ ਸੰਘਾ ਤੇ ਪੁਸਤਕ 'ਤੇ ਪੇਪਰ ਪੜ੍ਹਨ ਵਾਲੇ ਡਾ. ਸੁਖਦੇਵ ਸਿੰਘ ਝੰਡ ਸ਼ਾਮਲ ਸਨ।

ਸਮਾਗ਼ਮ ਦੇ ਆਰੰਭ ਵਿੱਚ ਪਿਛਲੇ ਦਿਨੀਂ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਉੱਘੇ ਕਵੀ ਡਾ. ਮੋਹਨਜੀਤ ਨੂੰ ਯਾਦ ਕਰਦਿਆਂ ਹਾਜ਼ਰੀਨ ਵੱਲੋਂ ਉਨ੍ਹਾਂ ਦੇ ਸਨਮਾਨ ਵਿੱਚ ਖੜੇ ਹੋ ਕੇ ਦੋ ਮਿੰਟ ਦਾ ਮੋਨ ਧਾਰਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਉਪਰੰਤ, ਸਭਾ ਦੇ ਚੇਅਰਪਰਸਨ ਕਰਨ ਅਜਾਇਬ ਸਿੰਘ ਸੰਘਾ ਵੱਲੋਂ ਅਮਰੀਕਾ ਤੋਂ ਉਚੇਚੇ ਤੌਰ 'ਤੇ ਬਰੈਂਪਟਨ ਪਹੁੰਚੇ ਡਾ. ਗੁਰਬਖ਼ਸ਼ ਸਿੰਘ ਭੰਡਾਲ, ਸਮੂਹ ਮਹਿਮਾਨਾਂ ਤੇ ਮੈਂਬਰਾਂ ਨੂੰ 'ਜੀ-ਆਇਆਂ' ਕਹਿਣ ਤੋਂ ਬਾਅਦ ਮੰਚ-ਸੰਚਾਲਕ ਤਲਵਿੰਦਰ ਮੰਡ ਵੱਲੋਂ ਡਾ. ਸੁਖਦੇਵ ਸਿੰਘ ਝੰਡ ਨੂੰ ਪੁਸਤਕ'ਤੇ ਆਪਣਾ ਪੇਪਰ ਪੇਸ਼ ਕਰਨ ਲਈ ਕਿਹਾ ਗਿਆ।

'ਭੰਡਾਲ ਬੇਟ ਤੋਂ ਕਲੀਵਲੈਂਡ : ਡਾ. ਭੰਡਾਲ ਦਾ ਕੱਚੇ-ਪੱਕੇ ਰਾਹਾਂ ਦਾ ਸਫ਼ਰ' ਦੇ ਸਿਰਲੇਖ ਹੇਠ ਆਪਣਾ ਪੇਪਰ ਆਰੰਭ ਕਰਦਿਆਂ ਡਾ. ਝੰਡ ਨੇ ਕਿਹਾ ਕਿ ਡਾ. ਗੁਰਬਖ਼ਸ਼ ਭੰਡਾਲ ਕੱਚੇ ਤੇ ਪੱਕੇ ਦੋਹਾਂ ਤਰ੍ਹਾਂ ਦੇ ਰਾਹਾਂ ਦਾ ਲੰਮਾਂ ਪਾਂਧੀ ਹੈ। ਉਸ ਦਾ ਇਹ ਸਫ਼ਰ ਬਿਆਸ ਦਰਿਆ ਦੇ ਕੰਢੇ ਵੱਸੇ ਪਿੰਡ ਭੰਡਾਲ ਬੇਟ ਤੋਂ ਆਰੰਭ ਹੋ ਕੇ ਧਾਲੀਵਾਲ ਬੇਟ, ਕਪੂਰਥਲਾ, ਜਲੰਧਰ, ਗੁਰੂਸਰ ਸੁਧਾਰ, ਗੁਰੂ ਕੀ ਕਾਂਸ਼ੀ ਦਾ 'ਕੱਚਾ ਰਸਤਾ' ਤੈਅ ਕਰਕੇ ਹੁਸ਼ਿਆਰਪੁਰ ਦੀ 'ਪੱਕੀ ਸੜਕ' ਤੋਂ ਹੁੰਦਾ ਹੋਇਆਮੁੜ ਕਪੂਰਥਲਾ ਜਿੱਥੇ ਉਹ 'ਪਰੈੱਪ' (ਪ੍ਰੀ-ਯੂਨੀਵਰਸਿਟੀ) ਤੋਂ ਲੈ ਕੇ ਬੀ.ਐੱਸ.ਸੀ. ਤੱਕ ਵਿਦਿਆਰਥੀ ਰਿਹਾ ਸੀ, ਵਿੱਚ ਵਿਦਿਆਰਥੀਆਂ ਨੂੰ ਫਿਜ਼ਿਕਸ ਪੜ੍ਹਾਉਣ ਤੋਂ ਬਾਅਦ ਕੈਨੇਡਾ ਦਾ 'ਹਵਾਈ ਮਾਰਗ' ਫੜ੍ਹਦਾ ਹੈ। ਬਰੈਂਪਟਨ ਦੀਆਂ ਅਖ਼ਬਾਰਾਂ 'ਪਰਵਾਸੀ'ਤੇ 'ਕੈਨੇਡੀਅਨ ਪੰਜਾਬੀ ਪੋਸਟ' ਵਿੱਚ ਕੁਝ ਸਾਲ ਕੰਮ ਕਰਕੇ ਥੋੜ੍ਹਾ ਜਿਹਾ ਸਾਹ ਲੈਣ ਤੋਂ ਬਾਅਦ ਲੰਮੇਂ ਸਫ਼ਰ ਦਾ ਇਹ ਪਾਂਧੀ 2015 ਵਿੱਚ ਅਮਰੀਕਾ ਦੇ ਸ਼ਹਿਰ ਕਲੀਵਲੈਂਡ ਨੂੰ ਚੱਲ ਪੈਂਦਾ ਹੈ ਜਿੱਥੇ ਉਸ ਨੂੰ ਉਡੀਕ ਰਹੀ ਕਲੀਵਲੈਂਡ ਸਟੇਟ ਯੂਨੀਵਰਸਿਟੀ ਵਿੱਚ 40 ਸਾਲ ਬਾਅਦ ਕਿਸੇ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਫਿਜ਼ਿਕਸ ਪੜ੍ਹਾਉਣ ਦਾ ਆਪਣਾ ਸੁਪਨਾ ਪੂਰਾ ਕਰਦਾ ਹੈ।

ਡਾ. ਝੰਡ ਨੇ ਦੱਸਿਆ ਕਿ ਇਸ ਪੁਸਤਕ ਤੋਂ ਪਹਿਲਾਂ ਡਾ. ਭੰਡਾਲ ਦੀਆਂ 5 ਕਾਵਿ-ਪੁਸਤਕਾਂ, 14 ਵਾਰਤਕ ਪੁਸਤਕਾਂ ਤੇ ਇੱਕ ਸਫ਼ਰਨਾਮਾ 'ਸੁਪਨਿਆਂ ਦੀ ਜੂਹ ਕਨੇਡਾ' ਆ ਚੁੱਕੀਆਂ ਹਨ ਅਤੇ ਵਿਗਿਆਨ ਸਬੰਧੀ ਦੋ ਪੁਸਤਕਾਂ ਡਾ. ਕੁਲਵੰਤ ਸਿੰਘ ਥਿੰਦ ਨਾਲ ਸਾਂਝੀਆਂ ਛਪੀਆਂ ਹਨ। ਵਿ-ਗਆਨ ਨਾਲ ਸਬੰਧਿਤ ਉਸ ਦੀ ਇੱਕ ਹੋਰ ਪੁਸਤਕ 'ਨਿਊਕਲੀਅਰ ਬੰਬ ਤੇ ਨਿਊਕਲੀਅਰ ਦਵਾਈਆਂ' ਵੀ ਜਲਦੀ ਹੀ ਛਪ ਰਹੀ ਹੈ। ਡਾ. ਭੰਡਾਲ ਅਤੀ ਸੰਵੇਦਨਸ਼ੀਲ ਲੇਖਕ ਹੈ ਅਤੇ ਇਹ ਸੰਵੇਦਨਸ਼ੀਲਤਾ ਉਸ ਦੀਆਂ ਇਨ੍ਹਾਂ ਪੁਸਤਕਾਂ ਵਿੱਚੋਂ ਬਾਖ਼ੂਬੀ ਝਲਕਦੀ ਹੈ।

ਹਥਲੀ ਪੁਸਤਕ ਬਾਰੇ ਉਸ ਦਾ ਕਹਿਣਾ ਸੀ ਕਿ ਇਸ ਦੇ ਮੁੱਢਲੇ ਦੋ ਅਧਿਆਇ ਡਾ. ਭੰਡਾਲ ਵੱਲੋਂ ਆਪਣੇ ਮਾਂ-ਬਾਪ ਦੀ ਨਿੱਘੀ ਯਾਦ ਨੂੰ ਸਮੱਰਪਿਤ ਕੀਤੇ ਗਏ ਹਨ ਅਤੇ ਇਸ ਦੇ ਅਗਲੇ ਅਧਿਆਵਾਂ ਵਿਚ ਉਹ ਆਪਣੇ ਪਿੰਡ, ਆਪਣੇ ਘਰ ਤੇ ਉਸ ਦੇ ਚੁਬਾਰੇ, ਆਪਣੇ ਸਕੂਲਾਂ ਤੇ ਉਨ੍ਹਾਂ ਵਿੱਚ ਪੜ੍ਹਾਉਂਦੇ ਰਹੇ ਆਪਣੇ ਮਿਹਨਤੀ ਅਧਿਆਪਕਾਂ ਨੂੰ ਯਾਦ ਕਰਦਾ ਹੈ। ਰਣਧੀਰ ਕਾਲਜ ਕਪੂਰਥਲਾ ਵਿੱਚ ਪੜ੍ਹਦਿਆਂ 'ਪਰੈੱਪ' (ਨਾਨ-ਮੈਡੀਕਲ) ਵਿੱਚ ਫੇਲ੍ਹ ਹੋ ਜਾਣ ਨੂੰ ਡਾ. ਭੰਡਾਲ 'ਫੇਲ੍ਹ ਹੋਣ ਦਾ ਵਰਦਾਨ' ਕਹਿੰਦਾ ਹੈ ਜਿਸ ਤੋਂ ਅੱਗੇ ਸਖ਼ਤ ਮਿਹਨਤ ਕਰਕੇ ਉਹ ਮੈਰਿਟ ਸਕਾਲਰਸ਼ਿਪ ਲੈ ਕੇ ਬੀ.ਐੱਸ.ਸੀ. ਤੇ ਐੱਮ.ਐੱਸ.ਸੀ. ਕਰਦਾ ਹੈ। ਪੀਐੱਚ.ਡੀ. ਉਹ 'ਪਾਰਟ-ਟਾਈਮ ਰੀਸਰਚ ਸਕਾਲਰ' ਵਜੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਕਰਦਾ ਹੈ। 2003 ਵਿਚ ਉਸਦਾ ਕੈਨੇਡਾ ਆਉਣ ਅਤੇ ਫਿਰ 12 ਸਾਲ ਬਾਅਦਇੱਥੋਂ2015 ਵਿਚ ਅਮਰੀਕਾ ਦੇ ਸ਼ਹਿਰ ਕਲੀਵਲੈਂਡ ਜਾਣ ਦਾ ਪ੍ਰੋਗਰਾਮ ਬਣਦਾ ਹੈ। ਇੰਜ, ਕੱਚੇ ਪੱਕੇ ਰਾਹਾਂ 'ਤੇ ਚੱਲਦਿਆਂ ਡਾ. ਭੰਡਾਲ ਆਪਣੀ 'ਜੀਵਨ-ਗੱਡੀ' ਅੱਜਕੱਲ੍ਹ ਬਾਖ਼ੂਬੀ ਦੌੜਾਅ ਰਿਹਾ ਹੈ।

ਡਾ. ਭੰਡਾਲ ਨੂੰ 'ਮੰਡ ਦਾ ਮੋਤੀ' ਕਰਾਰ ਦਿੰਦਿਆਂ ਪ੍ਰਿੰਸੀਪਲ ਸਰਵਣ ਸਿੰਘ ਨੇ ਬੜਾ ਮਿਹਨਤੀ ਤੇ ਸੰਵੇਦਨਸ਼ੀਲ ਲੇਖਕ ਕਿਹਾ। ਡਾ. ਭੰਡਾਲ ਬਾਰੇ ਲਿਖੇ ਗਏ ਆਪਣੇ ਇੱਕ ਲੇਖ ਦਾ ਹਵਾਲਾ ਦਿੰਦਿਆਂ ਉਨ੍ਹਾਂ ਉਸ ਦੇ ਵਿੱਚੋਂ ਕੁਝ ਟੂਕਾਂ ਵੀ ਸਰੋਤਿਆਂ ਦੇ ਸਨਮੁੱਖਪੇਸ਼ ਕੀਤੀਆਂ। ਡਾ. ਭੰਡਾਲ ਦੀ ਵਾਰਤਕ ਅਤੇ ਕਵਿਤਾ ਦੇ ਬਾਖ਼ੂਬੀ ਸੁਮੇਲ ਬਾਰੇ ਗੱਲ ਕਰਦਿਆਂ ਪ੍ਰੋ. ਜਗੀਰ ਸਿੰਘ ਕਾਹਲੋਂ ਨੇ ਕਿਹਾ ਕਿ ਕਈ ਵਾਰ ਇਨ੍ਹਾਂ ਦਾ ਨਿਖੇੜਾ ਕਰਨਾ ਮੁਸ਼ਕਲ ਹੋ ਜਾਂਦਾ ਹੈ। ਡਾ. ਭੰਡਾਲ ਦੀ ਸ਼ਬਦਾਵਲੀ ਦੇ ਭੰਡਾਰ ਬਾਰੇ ਉਨ੍ਹਾਂ ਦਾ ਕਹਿਣਾ ਸੀ ਕਿ ਉਸ ਦੇ ਸ਼ਬਦ ਬੀਜਾਂ ਦੇ 'ਕੇਰੇ' ਵਾਂਗ ਕਿਰਦੇ ਹਨ। ਇਸ ਦੌਰਾਨ ਸਤਪਾਲ ਜੌਹਲ, ਕਵਿੱਤਰੀ ਸੁਰਜੀਤ ਕੌਰ, ਡਾ. ਸੁਰਿੰਦਰਜੀਤ ਕੌਰ, ਸੁਖਚਰਨਜੀਤ ਗਿੱਲ ਅਤੇ ਬਲਰਾਜ ਚੀਮਾਵੱਲੋਂ ਵੀ ਇਸ ਵਿਚਾਰ-ਚਰਚਾ ਵਿਚ ਆਪਣੇ ਵਿਚਾਰ ਪ੍ਰਗਟ ਕੀਤੇ।

ਡਾ. ਭੰਡਾਲ ਨੇ ਆਪਣੀ ਇਸਮੌਕੇ ਬੋਲਦਿਆਂ ਕਿਹਾ ਕਿ ਇਹ ਉਸ ਦੀ ਸਵੈ-ਜੀਵਨੀ ਨਹੀਂ ਹੈ, ਸਗੋਂ ਇਹ ਤਾਂ ਉਸ ਦੇ ਜੀਵਨ ਦੇਖ਼ਾਮੋਸ਼ ਪਲਾਂ ਦੀ ਦਾਸਤਾਨ ਹੈ। ਉਸ ਨੇਦੱਸਿਆ ਕਿ ਉਹ ਜੀਵਨ ਵਿੱਚ ਪਹਿਲੀ ਵਾਰ ਉਦੋਂ ਖ਼ਾਮੋਸ਼ ਹੋਇਆ ਸੀ ਜਦੋਂ ਉਹ ਗਿਆਰਵੀਂ ਜਮਾਤ ਵਿੱਚੋਂ ਫੇਲ੍ਹ ਹੋਇਆ ਸੀ। ਫਿਰ ਇਹ ਖ਼ਾਮੋਸੀ ਉਸ ਦੇ ਜੀਵਨ ਵਿੱਚ ਉਦੋਂ ਵਰਤੀ ਸੀ ਜਦੋਂ ਪਹਿਲਾਂ ਉਸ ਦੀ ਮਾਂ ਤੇ ਫਿਰ ਬਾਪ ਵਾਰੀ-ਵਾਰੀ ਇਸ ਸੰਸਾਰ ਤੋਂ ਗਏ। ਇਹ ਖ਼ਾਮੋਸ਼ੀ ਉਦੋਂ ਹੋਰ ਵੀ ਸ਼ਿੱਦਤ ਨਾਲ ਦਿਲ-ਦਿਮਾਗ਼ 'ਤੇ ਛਾਈ ਜਦੋਂ ਉਸ ਨੇ ਕਲੀਵਲੈਂਡ ਸਟੇਟ ਯੂਨੀਵਰਸਿਟੀ ਵਿੱਚ 60 ਗੋਰੇ ਵਿਦਿਆਰਥੀਆਂ ਦੇ ਸਾਹਮਣੇ ਪਹਿਲੇ ਦਿਨ ਪੜ੍ਹਾਉਣ ਲਈ ਉਨ੍ਹਾਂ ਦੇ ਰੂ-ਬ-ਰੂ ਹੋਣਾ ਸੀ ਪਰ ਇਸ ਖ਼ਾਮੋਸੀ ਦੀ ਫ਼ਿਤਰਤ ਪਹਿਲੀਆਂ ਖ਼ਾਮੋਸ਼ੀਆਂ ਨਾਲੋਂ ਬਿਲਕੁਲ ਵੱਖਰੀ ਸੀ। ਹੌਲੀ-ਹੌਲੀ ਖ਼ਾਮੋਸ਼ੀ ਉਸ ਦੇ ਜੀਵਨ ਵਿਚੋਂ ਮਨਫ਼ੀ ਹੁੰਦੀ ਗਈ ਤੇ ਜ਼ਿੰਦਗੀ ਰਵਾਂ ਹੋਣ ਲੱਗੀ।

ਸਮਾਗ਼ਮ ਦੇ ਇਸ ਸੈਸ਼ਨ ਵਿਚ ਜਲੰਧਰ ਤੋਂ ਰੋਜ਼ਾਨਾ ਛਪਦੇ ਅਖ਼ਬਾਰ 'ਅਜੀਤ' ਦੇ ਟੋਰਾਂਟੋ ਏਰੀਏ ਦੇ ਸੀਨੀਅਰ ਪੱਤਰਕਾਰ, ਕਵੀ ਤੇ ਗੀਤਕਾਰ ਤੇ ਕਵੀ ਹਰਜੀਤ ਬਾਜਵਾ ਨੂੰ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਬਹੁ-ਮੁੱਲੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਕੈਨੇਡੀਅਨ ਪੰਜਾਬੀ ਸਾਹਿਤ ਸਭਾ ਟੋਰਾਂਟੋਂ ਵੱਲੋਂ ਸਨਮਾਨ-ਪੱਤਰ ਤੇ ਯਾਦਗਾਰੀ ਚਿੰਨ੍ਹ ਅਤੇ ਉਨ੍ਹਾਂ ਦੀ ਸੁਪਤਨੀ ਵਿਨੀਤ ਬਾਜਵਾ ਨੂੰ ਸ਼ਾਨਦਾਰ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਸਭਾ ਦੇ ਸੀਨੀਅਰ ਮੈਂਬਰ ਮਲੂਕ ਸਿੰਘ ਕਾਹਲੋਂ ਵੱਲੋਂ ਸਰੋਤਿਆਂ ਨਾਲ ਹਰਜੀਤ ਬਾਜਵਾ ਬਾਰੇ ਵਿਸਤ੍ਰਿਤ ਜਾਣਕਾਰੀ ਸਾਂਝੀ ਕੀਤੀ ਗਈ।

ਸਮਾਗ਼ਮ ਦੇ ਦੂਸਰੇ ਸੈਸ਼ਨ ਵਿੱਚ ਹੋਏ ਕਵੀ-ਦਰਬਾਰ ਵਿੱਚ ਇਸ ਦੇ ਸੰਚਾਲਕ ਪਰਮਜੀਤ ਢਿੱਲੋਂ ਵੱਲੋਂ ਕਵੀਆਂ ਤੇ ਗਾਇਕਾਂ ਨੂੰ ਤਰਤੀਬਵਾਰ ਪੇਸ਼ ਕੀਤਾ ਗਿਆ। ਇਨ੍ਹਾਂ ਵਿੱਚ ਸੱਭ ਤੋਂ ਪਹਿਲਾਂ ਗਾਇਕ ਹੈਰੀ ਸੰਧੂ ਨੇ ਆਪਣਾ ਗੀਤ ਸੁਣਾਇਆ ਅਤੇ ਫਿਰ ਵਾਰੋਵਾਰੀ ਨਵਰਾਜ ਬੈਨੀਪਾਲ, ਮਕਸੂਦ ਚੌਧਰੀ, ਕਰਨ ਅਜਾਇਬ ਸੰਘਾ, ਮਲਵਿੰਦਰ, ਪ੍ਰੀਤਮ ਧੰਜਲ, ਜਗੀਰ ਸਿੰਘ ਕਾਹਲੋਂ,ਡਾ. ਬਲਜਿੰਦਰ ਸੇਖੋਂ, ਨੀਟਾ ਬਲਵਿੰਦਰ, ਸੁਰਿੰਦਰਜੀਤ ਕੌਰ, ਸੁਖਚਰਨਜੀਤ ਗਿੱਲ, ਕੁਲਵੰਤ ਕੌਰ ਗੈਦੂ, ਇਕਬਾਲ ਬਰਾੜ, ਹਰਮੇਸ਼ ਜੀਂਦੋਵਾਲ, ਸੁਰਿੰਦਰ ਸ਼ਰਮਾ, ਮਲੇਰਕੋਟਲਾ ਤੋਂ ਪਿਛਲੇ ਦਿਨੀਂ ਆਏ ਜਨਾਬ ਨੂਰ ਮੁਹੰਮਦ ਨੂਰ, ਜੱਸੀ ਭੁੱਲਰ, ਹਰਦਿਆਲ ਝੀਤਾ ਤੇ ਕਈ ਹੋਰਨਾਂ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਇਸ ਸੈਸ਼ਨ ਦੇ ਪ੍ਰਧਾਨਗੀ-ਮੰਡਲ ਵਿੱਚ ਜਨਾਬ ਨੂਰ ਮੁਹੰਮਦ ਨੂਰ, ਸਤਪਾਲ ਜੌਹਲ, ਨੀਟਾ ਬਲਵਿੰਦਰ, ਬਲਰਾਜ ਚੀਮਾ ਅਤੇ ਸਿਕੰਦਰ ਸਿੰਘ ਗਿੱਲਬਿਰਾਜਮਾਨ ਸਨ।

ਸਭਾ ਦੇ ਸਰਪ੍ਰਸਤ ਬਲਰਾਜ ਚੀਮਾ ਵੱਲੋਂ ਬੜੇ ਸੰਖੇਪ ਤੇ ਖ਼ੂਬਸੂਰਤ ਸ਼ਬਦਾਂ ਵਿੱਚ ਸਮਾਗ਼ਮ ਦੀ ਸਮੁੱਚੀ ਕਾਰਵਾਈ ਨੂੰ ਸਮੇਟਿਆ ਗਿਆ ਤੇ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਰੋਤਿਆਂ ਵਿਚ ਕ੍ਰਿਪਾਲ ਸਿੰਘ ਪੰਨੂੰ, ਪੂਰਨ ਸਿੰਘ ਪਾਂਧੀ, ਗੁਰਦੇਵ ਸਿੰਘ ਮਾਨ, ਐਡਵੋਕੇਟ ਦਰਸ਼ਨ ਸਿੰਘ ਦਰਸ਼ਨ, ਦਲਜੀਤ ਸਿੰਘ ਗੈਦੂ, ਕਰਨੈਲ ਸਿੰਘ ਮਰਵਾਹਾ, ਹੁਨਰ ਕਾਹਲੋਂ, ਸ਼ਮਸ਼ੇਰ ਸਿੰਘ, ਸੁਰਿੰਦਰਪਾਲ, ਪਰਮਜੀਤ ਦਿਓਲ, ਰਮਿੰਦਰ ਵਾਲੀਆ, ਗੁਰੰਜਲ ਕੌਰ, ਨਿਰਮਲ ਕੌਰ, ਜਗਦੀਸ਼ ਕੌਰ ਕਾਹਲੋਂ, ਸਰਬਜੀਤ ਕਾਹਲੋਂ, ਜਗਦੀਸ਼ ਕੌਰ ਝੰਡ, ਵਿਨੀਤ ਬਾਜਵਾ, ਰਿੰਟੂ ਭਾਟੀਆ ਤੇ ਕਈ ਹੋਰ ਸ਼ਾਮਲ ਸਨ।









# ਟੀਪੀਆਰ ਕਲੱਬ ਦੇ64 ਮੈਂਬਰਾਂ ਨੇ ਟੀਮ 20 ਅਪ੍ਰੈਲ ਨੂੰ ਚੜ੍ਹੀਆਂ ਸੀ.ਐੱਨ. ਟਾਵਰ ਦੀਆਂ 1776 ਪੌੜੀਆਂ






ਬਰੈਂਪਟਨ, (ਡਾ. ਝੰਡ) -ਸੀ.ਐੱਨ. ਟਾਵਰ ਦੀਆਂ 1776 ਪੌੜੀਆਂ ਚੜ੍ਹਨ ਦਾ ਈਵੈਂਟ ਸਾਲ ਵਿਚ ਦੋ ਵਾਰ ਅਪ੍ਰੈਲ ਅਤੇ ਅਕਤੂਬਰ ਮਹੀਨਿਆਂ ਵਿੱਚ ਕਰਵਾਇਆ ਜਾਂਦਾ ਹੈ।ਅਪ੍ਰੈਲ ਮਹੀਨੇ ਹੋਣ ਵਾਲਾ ਈਵੈਂਟ 'ਡਬਲਿਊ. ਡਬਲਿਊ.ਐੱਫ਼. ਕਲਾਈਬ ਫ਼ਾਰ ਨੇਚਰ' ਵੱਲੋਂ ਕਰਵਾਇਆ ਜਾਂਦਾ ਹੈ ਅਤੇਅਕਤੂਬਰ ਮਹੀਨੇ ਵਾਲਾ'ਯੂਨਾਈਟਿਡ ਕਲਾਈਬ-ਅੱਪ'ਵੱਲੋਂ ਆਯੋਜਿਤ ਕੀਤਾ ਜਾਂਦਾ ਹੈ। ਹਜ਼ਾਰਾਂ ਦੀ ਗਿਣਤੀ ਵਿਚ ਲੋਕ ਹਰ ਸਾਲ ਇਨ੍ਹਾਂਦੋਹਾਂ ਈਵੈਂਟਾਂ ਵਿਚ ਭਾਗ ਲੈਂਦੇ ਹਨ। ਬਰੈਂਪਟਨ ਵਿਚ ਪਿਛਲੇ 10 ਸਾਲ ਤੋਂ ਸਰਗ਼ਰਮ ਟੋਰਾਂਟੋ ਪੀਅਰਸਨ ਏਅਰਪੋਰਟ ਰੱਨਰਜ਼ ਕਲੱਬ (ਟੀਪੀਆਰ ਕਲੱਬ)ਇਨ੍ਹਾਂ ਦੋਹਾਂ ਈਵੈਂਟਾਂ ਵਿੱਚ ਹੀ ਬੜੇ ਉਤਸ਼ਾਹ ਨਾਲ ਭਾਗ ਲੈਂਦੀ ਹੈ।

ਇਸ ਵਾਰ ਲੰਘੇ ਸ਼ਨੀਵਾਰ 20 ਅਪ੍ਰੈਲ ਕਲੱਬ ਦੇ 64 ਮੈਂਬਰਾਂ ਨੇ ਇਸ ਈਵੈਂਟ ਵਿੱਚ ਸਰਗਰਮ ਹਿੱਸਾ ਲਿਆ। ਇਨ੍ਹਾਂ ਵੱਚ 15 ਸਾਲ ਨੌਜੁਆਨਾਂ ਤੋਂ ਲੈ ਕੇ ਆਪਣੀ ਉਮਰ ਦੇ 80 ਸਾਲ ਪਾਰ ਕਰ ਚੁਕੇ ਮੈਂਬਰ ਸ਼ਾਮਲ ਸਨ। ਉਹ ਸਵੇਰੇ 6.30 ਵਜੇ ਬੋਵੇਰਡ ਤੇ ਏਅਰਪੋਰਟ ਰੋਡ ਇੰਟਰਸੈੱਕਸ਼ਨ ਦੀ ਪਾਰਕਿੰਗ ਤੋਂ ਇੱਕ ਸਕੂਲ ਬੱਸ ਵਿੱਚ ਸਵਾਰ ਹੋ ਕੇ 7.30 ਵਜੇ ਸੀ.ਐੱਨ. ਟਾਵਰ ਦੇ ਸਾਹਮਣੇ ਪਹੁੰਚੇ। ਇਸ ਤੋਂ ਪਹਿਲਾਂ ਪੀਲ ਡਿਸਟ੍ਰਿਕਟ ਸਕੂਲ ਬੋਰਡ ਦੇ ਉਪ-ਚੇਅਰਪਰਸਨ ਵਾਰਡਨੰਬਰ 9-10 ਦੇ ਸਕੂਲ ਟਰੱਸਟੀ ਸਤਪਾਲ ਜੌਹਲ ਨੇ ਉਚੇਚੇ ਤੌਰ 'ਤੇ ਬੱਸ ਦੇ ਚੱਲਣਵਾਲੀ ਥਾਂ 'ਤੇ ਪਹੁੰਚ ਕੇ ਕਲੱਬ ਦੇ ਮੈਂਬਰਾਂ ਨੂੰ ਸੁਭ-ਇੱਛਾਵਾਂ ਦਿੱਤੀਆਂ। ਕਲੱਬ ਦੇ ਕਲੱਬ ਦੇ ਕੁੱਝ ਮੈਂਬਰ ਆਪਣੀਆਂ ਕਾਰਾਂ ਵਿੱਚ ਸਿੱਧੇ ਹੀ ਸੀ.ਐੱਨ. ਟਾਵਰ ਦੇ ਸਾਹਮਣੇਪਹੁੰਚ ਗਏ।

ਸਕਿਉਰਿਟੀ ਚੈਨਲ ਵਿੱਚੋਂ ਗ਼ੁਜ਼ਰਦੇ ਹੋਏ ਟਾਵਰ ਦੀਆਂ ਪੌੜੀਆਂ ਚੜ੍ਹਨ ਵਾਲੇ ਐਂਟਰੀ ਗੇਟ 'ਤੇ ਜਾ ਕੇਈਵੈਂਟ 'ਚ ਭਾਗ ਲੈਣ ਵਾਲੇ ਮੈਂਬਰਾਂ ਨੇ ਈਵੈਂਟ ਦੇਪ੍ਰਬੰਧਕਾਂ ਨੂੰ ਕਲਾਈਆਂ ਨਾਲ ਬੰਨ੍ਹੇ ਹੋਏ'ਕੰਪਿਊਟਰ ਚਿੱਪਾਂ' ਵਾਲੇ ਸਟਰੈਪ ਵਿਖਾ ਕੇਪੌੜੀਆਂ ਚੜ੍ਹਨੀਆਂ ਆਰੰਭ ਕਰ ਦਿੱਤੀਆਂ ਅਤੇ ਉਨ੍ਹਾਂ ਦੇ ਨਾਲ ਗਏ ਵਾਲੰਟੀਅਰ ਸਾਥੀ ਮੇਨ-ਹਾਲ ਵਿਚ ਬੈਠ ਕੇ ਉਨ੍ਹਾਂ ਦੇ ਵਾਪਸ ਆਉਣ ਦੀ ਉਡੀਕ ਕਰਨ ਲੱਗ ਪਏ।

ਕਲੱਬ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਇਸ ਦੇ ਮੈਂਬਰ ਨੌਨਿਹਾਲ ਸਿੰਘ ਚੀਮਾ ਨੇ ਇਹ 1776 ਪੌੜੀਆਂ 15 ਮਿੰਟ 30 ਸਕਿੰਟ, ਸੋਢੀ ਕਿੰਗ ਨੇ 15 ਮਿੰਟ 39 ਸਕਿੰਟ ਤੇ ਸੁਖਵਿੰਦਰ ਨਿੱਜਰ ਨੇ 15 ਮਿੰਟ 52 ਸਕਿੰਟਾਂ ਵਿਚ ਚੜ੍ਹ ਕੇ ਤੇਜ਼ ਪੌੜੀਆਂ ਚੜ੍ਹਨ ਦਾ ਬਹੁਤ ਵਧੀਆ ਪ੍ਰਦਰਸ਼ਨ ਕੀਤਾ। ਇਸ ਦੇ ਨਾਲ ਹੀ ਕਲੱਬ ਦੇ ਸੱਭ ਤੋਂ ਛੋਟੀ ਉਮਰ ਦੇ ਮੈਂਬਰ 15 ਸਾਲਾ ਗੁਰਸ਼ਾਨ ਧਾਲੀਵਾਲ ਨੇ ਪਹਿਲੀ ਵਾਰ ਇਸ ਈਵੈਂਟ ਵਿਚ ਭਾਗ ਲੈ ਕੇ ਇਹ 1776 ਪੌੜੀਆਂ 21 ਮਿੰਟ 27 ਮਿੰਟਾਂ ਵਿੱਚ ਚੜ੍ਹੀਆਂ ਅਤੇ ਸੱਭ ਤੋਂ ਸੀਨੀਅਰ ਮੈਂਬਰ 80 ਸਾਲਾ ਸ. ਈਸ਼ਰ ਸਿੰਘ ਨੇ ਇਹ 67 ਮਿੰਟ 10 ਸਕਿੰਟ ਵਿਚ ਚੜ੍ਹ ਕੇ ਇਸ ਉਮਰ ਵਿਚ ਆਪਣੀ ਸਿਹਤਅਰੋਗਤਾ ਦਾ ਖ਼ੂਬਸੂਰਤ ਸਬੂਤਦਿੱਤਾ। ਕਲੱਬ ਦੇ ਬਾਕੀ ਮੈਂਬਰਾਂ ਦਾ ਇਹ ਸਮਾਂ17-18 ਮਿੰਟਾਂ ਤੋਂ ਇੱਕ ਘੰਟੇ ਦੇ ਵਿਚਕਾਰ ਸੀ। ਉਨ੍ਹਾਂ ਵਿੱਚੋਂ ਬਹੁਤੇ ਤਾਂ 20 ਤੋਂ 30 ਮਿੰਟਾਂ ਦੇ ਅੰਦਰ ਅੰਦਰ ਇਹ ਪੌੜੀਆਂ ਚੜ੍ਹ ਗਏ। ਇੱਥੇ ਇਹ ਸਮਾਂ ਏਨਾ ਮਹੱਤਵਪੂਰਨ ਨਹੀਂ ਹੈ, ਬਲਕਿਏਨੀਆਂ ਪੌੜੀਆਂ ਚੜ੍ਹਨਾਹੀ ਬਹੁਤ ਵੱਡੀ 'ਮੁਹਿੰਮ' ਹੈ।

ਇੱਥੇ ਇਹ ਵਿਸ਼ੇਸ਼ ਤੌਰ 'ਤੇ ਜ਼ਿਕਰਯੋਗ ਹੈ ਕਿ70 ਸਾਲ ਤੋਂ ਉੱਪਰ ਵਾਲੇ ਵਰਗ ਵਿੱਚ 71 ਸਾਲਾ ਸੁਰਿੰਦਰ ਸਿੰਘ ਨਾਗਰਾ ਜਿਸ ਨੇ ਪਿਛਲੇ ਸਾਲ ਇਹ ਪੌੜੀਆਂ 18 ਮਿੰਟ 24 ਸਕਿੰਟਾਂ ਵਿੱਚ ਚੜ੍ਹੀਆਂ ਸਨ, ਇਸ ਵਾਰ ਉਸ ਨੇ ਇਹ 18 ਮਿੰਟ 12 ਸਕਿੰਟਾਂ ਵਿੱਚ ਚੜ੍ਹ ਕੇ ਜਿੱਥੇ ਆਪਣੇ ਰਿਕਾਰਡਵਿੱਚ ਸੁਧਾਰ ਕਰਕੇ ਇਸ ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਉੱਥੇਉਸ ਨੇਇਹ ਰਿਕਾਰਡ ਤੋੜਨ ਲਈ ਇਸ ਕਲੱਬ ਵੱਲੋਂ ਰੱਖਿਆ ਗਿਆ 500 ਡਾਲਰ ਦਾ ਇਨਾਮ ਵੀ ਹਾਸਲ ਕੀਤਾ ਹੈ।

ਵਾਪਸੀ 'ਤੇ ਸਾਰਿਆਂ ਨੇ ਮਿਲ ਕੇ ਕਲੱਬ ਦੇਮੈਂਬਰ ਮਨਜੀਤ ਸਿੰਘ ਦੇ ਘਰ ਉਨ੍ਹਾਂ ਦੇ ਪਰਿਵਾਰ ਵੱਲੋਂ ਤਿਆਰ ਕੀਤਾ ਗਿਆ ਸੁਆਦਲਾ ਭੋਜਨ ਛਕਿਆ। ਸ਼ਾਮ ਨੂੰ 'ਜੀਤ ਆਟੋ ਸੈਂਟਰ' ਦੇ ਮਾਲਕ ਜੀਤ ਲੋਟੇ ਵੱਲੋਂਬੇਟੇ ਤੇ ਬੇਟੀ ਦੇ 'ਦਾਦਾ ਜੀ' ਬਣਨ ਦੀ ਖ਼ੁਸ਼ੀ ਵਿੱਚ ਉਨ੍ਹਾਂ ਵੱਲੋਂ ਸਾਰੇ ਮੈਂਬਰਾਂ ਨੂੰ ਸ਼ਾਨਦਾਰ ਡਿਨਰ ਪਾਰਟੀ ਕੀਤੀ ਗਈ। ਇਸ ਦੌਰਾਨ ਰੈੱਡ ਲਿੰਕ ਦੇ ਸੋਢੀ ਕੰਗ ਵਲੋਂ ਟੀਪੀਆਰ ਕਲੱਬ ਦੇ ਇਕ ਦਰਜਨ ਵਾਲੰਟੀਅਰਾਂ ਨੂੰ ਸਨਮਾਨਿਤ ਕੀਤਾ ਗਿਆ ਜੋ ਕਲੱਬ ਦੀ ਹਰੇਕ ਇਕੱਤਰਤਾ ਵਿਚ ਖਾਣਾ ਗਰਮ ਕਰਨ ਤੇ ਵਰਤਾਉਣ ਤੋਂ ਲੈ ਕੇ ਸਾਫ਼ ਸਫਾਈਆਂ ਤੱਕ ਹਰ ਪ੍ਰਕਾਰ ਦੀ ਸੇਵਾ ਬਾਖ਼ੂਬੀ ਨਿਭਾਉਂਦੇ ਹਨ। ਕਲੱਬ ਦੇ ਚੇਅਰਪਰਸਨ ਸੰਧੂਰਾ ਸਿੰਘ ਬਰਾੜ ਵੱਲੋਂ ਸਾਰੇ ਮੈਂਬਰਾਂ ਤੇ ਵਾਲੰਟੀਅਰਾਂ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਮਨਜੀਤ ਸਿੰਘ ਤੇ ਜੀਤ ਲੋਟੇ ਦਾ ਵਿਸੇਸ਼ ਧੰਨਵਾਦ ਕੀਤਾ ਜਿਨ੍ਹਾਂ ਵੱਲੋਂ ਇਸ ਮੌਕੇ ਸੁਆਦਲੇ ਲੰਚ ਤੇ ਡਿਨਰ ਦਾ ਪੁਖ਼ਤਾ ਪ੍ਰਬੰਧ ਕੀਤਾ ਗਿਆ।

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.
Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

**Sandalwood & Sunny Meadow Blvd**



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**James Potter/Queen/Bonnie Brae**



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Bramalea/Father Tobin /Fernfor**



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE

SAFE, RELIABLE AND EFFICIENT SERVICE AT THE BEST RATES


Asian Food Centre
WE'RE HERE TO SERVE ONLY THE BEST PRODUCTS FOR YOU.
FRESH
FRUITS & VEGETABLES
Healthy & fresh grocery
Variety of Indian Sweets Available
OPEN NOW
340 Woodlawn RD Guelph, N1H 7K6
ETOBICOKE
10 Westmore Dr. 416-740-3262
MEAT SHOP AVAILABLE
MISSISSAUGA
1075 Ceremonial Dr 905-502-1600
MEAT SHOP AVAILABLE
BRAMPTON
621 Wanless Dr. 905-495-3336
MEAT SHOP AVAILABLE
BRAMPTON
2120 N Park Dr. 905-793-1338
MEAT SHOP AVAILABLE
BRAMPTON
80 Pertosa Dr. 905-460-0009
TOLL FREE 1-800-708-9232
BRAMPTON
40 Airport RD & Lacoste Blvd. 905-794-8109
MEAT SHOP AVAILABLE
BRAMPTON
10510 Torbram Rd. 905-790-0030
BRAMPTON
10 Pannahill Dr. 905-913-8017
MEAT SHOP AVAILABLE
GUELPH
340 Woodlawn Rd W 226-669-0004
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media